**ALL STAR DRIVING SCHOOL**
$10.00 ਪੰਜਾਬੀ ਗਾਈਡ ਇਥੇ ਮਿਲਦੀ ਹੈ
ਬੀਬੀਆਂ ਅਤੇ ਭੈਣਾਂ ਲਈ ਲੇਡੀ ਇੰਸਟਰਕਟਰ
KNOWLEDGE & DRIVING TESTS DONE HERE
24620 MILITARY RD S, KENT, WA 98032
Ph: 253-852-1996
WA STATE APPROVED SINCE 2004 www.allstardrivingschool.info

**KALER TAX AND ACCOUNT LLC**
Harjinder S. Kaler 206.551.6666
Personal And Business Tax Filling, 1099, W2 Immigration, Passport, Visa And Petition, Business Start, Obama Health Care Broker And All Other Applications Services
10618 SE 240 ST, SUITE 204, KENT, WA 98031 kalertax@gmail.com
ਹਰਜਿੰਦਰ ਸਿੰਘ ਕਲੇਰ

**ACCURATE ACCOUNTS AND TAXES**
Contact For Business Accounting
Payroll
Tax Filling
Book Keeping
Other Paper Work
Immigration Consultancy
New Business Setup Services
MOHINDER S. SOHAL
Cell: 206-841-1431
Buss: 253-520-8886
Email: mssohal@yahoo.com

ਕਨੇਡਾ ਅਤੇ ਅਮਰੀਕਾ ਵਿਚ ਸਭ ਤੋਂ ਵੱਧ ਪੜ੍ਹਿਆ ਜਾਣ ਵਾਲਾ ਹਰਮਨ ਪਿਆਰਾ ਪੰਜਾਬੀ ਹਫਤਾਵਾਰੀ ਅਖ਼ਬਾਰ

# ਪੰਜਾਬ ਗਾਰਡੀਅਨ

ਆਓ ਪੰਜਾਬੀ ਮਾਂ ਬੋਲੀ ਦਾ ਮਾਣ ਵਧਾਈਏ

# PUNJAB GUARDIAN

B.C Greater Vancouver, Fraser Valley, Victoria, Nanaimo, Prince George, Kamloops, Kelowna, Oliver, Squamish
ALBERTA Edmonton, Calgary
USA Greater Seattle, Everett, Marysville, Portland, Bellingham, Belivue, Lyndon, Lynwood
sales@punjabguardian.com
www.punjabguardian.com

Tel: 604-590-5200 Fax:604-596-5700 Toll Free: 1-877-584-5200 Vol. 33, Issue No. 25, Ending Date:Jun 19, 2026

LOAN FACTORY
COMMERCIAL AND RESIDENTIAL LOANS
• 30Yr Fixed / Arm
• SBA Loans
• Bank Statement
• Profit and Loss only
• Construction Loans
• Line of Credit
Jasdeep Singh
Loan Officer | NMLS 1900093
Cell: 253-223-3717

# ਹਰਿਆਣਾ ਨੇ ਸਕੂਲਾਂ ਦੇ ਸਿਲੇਬਸ 'ਚ ਸਿੱਖ ਗੁਰੂਆਂ ਦਾ ਇਤਿਹਾਸ ਕੀਤਾ ਸ਼ਾਮਲ

ਅੰਬਾਲਾ:-ਸਿੱਖ ਕੌਮ ਅਤੇ ਹਰਿਆਣਾ ਦੇ ਲੋਕਾਂ ਨਾਲ ਕੀਤਾ ਇੱਕ ਵੱਡਾ ਵਾਅਦਾ ਪੂਰਾ ਕਰਦਿਆਂ ਮੁੱਖ ਮੰਤਰੀ ਨਾਇਬ ਸੈਣੀ ਨੇ ਸੂਬੇ ਭਰ ਦੇ ਸਕੂਲਾਂ ਦੇ ਅੱਠਵੀਂ ਜਮਾਤ ਦੇ ਇਤਿਹਾਸ ਦੇ ਪਾਠਕ੍ਰਮ (ਸਿਲੇਬਸ) ਵਿੱਚ ਸਿੱਖ ਗੁਰੂਆਂ ਅਤੇ ਬਾਬਾ ਬੰਦਾ ਸਿੰਘ ਬਹਾਦਰ ਦਾ ਇਤਿਹਾਸ ਸ਼ਾਮਲ ਕਰਵਾਉਣ ਦਾ ਫੈਸਲਾ ਕੀਤਾ ਹੈ। ਹੁਣ ਸਕੂਲਾਂ ਵਿੱਚ ਪੜ੍ਹਨ ਵਾਲੇ ਬੱਚਿਆਂ ਨੂੰ ਸਿੱਖ ਗੁਰੂਆਂ ਦੇ ਨਾਲ-ਨਾਲ ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹਾਦਤ, ਆਦਰਸ਼ਾਂ ਅਤੇ ਸਦੀਵੀ ਵਿਰਾਸਤ ਬਾਰੇ ਜਾਣਨ ਦਾ ਮੌਕਾ ਮਿਲੇਗਾ। ਮੁੱਖ ਮੰਤਰੀ ਨੇ ਹਰਿਆਣਾ ਵਿੱਚ ਆਯੋਜਿਤ 'ਹਿੰਦ ਦੀ ਚਾਦਰ' ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਦੌਰਾਨ ਐਲਾਨ ਕੀਤਾ ਸੀ ਕਿ ਸਿੱਖ ਇਤਿਹਾਸ, ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਅਤੇ ਉਨ੍ਹਾਂ ਦੀਆਂ ਬੇਮਿਸਾਲ ਕੁਰਬਾਨੀਆਂ ਨੂੰ ਸਕੂਲੀ ਸਿੱਖਿਆ ਵਿੱਚ ਸ਼ਾਮਲ ਕੀਤਾ ਜਾਵੇਗਾ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਇਸ ਅਮੀਰ ਵਿਰਾਸਤ ਤੋਂ ਜਾਣੂ ਹੋ ਸਕਣ। ਮੁੱਖ ਮੰਤਰੀ ਸੈਣੀ ਨੇ ਕਿਹਾ ਕਿ ਸਾਰੇ ਸਿੱਖ ਗੁਰੂਆਂ ਨੇ ਮਨੁੱਖਤਾ, ਬਰਾਬਰੀ, ਨਿਸ਼ਕਾਮ ਸੇਵਾ, ਭਾਈਚਾਰਕ ਸਾਂਝ ਅਤੇ ਸਮਾਜਿਕ ਨਿਆਂ ਦੇ ਮੁੱਲਾਂ ਦਾ ਪ੍ਰਚਾਰ ਕੀਤਾ। ਉਨ੍ਹਾਂ ਨੇ ਲੋਕਾਂ ਨੂੰ ਜਾਤ-ਪਾਤ, ਧਰਮ ਅਤੇ ਊਚ-ਨੀਚ ਦੇ ਫ਼ਰਕ ਤੋਂ ਉੱਪਰ ਉੱਠ ਕੇ ਮਨੁੱਖਤਾ ਦੇ ਭਲੇ ਲਈ ਕੰਮ ਕਰਨ ਦੀ ਪ੍ਰੇਰਨਾ ਦਿੱਤੀ। ਉਨ੍ਹਾਂ ਕਿਹਾ ਕਿ ਸਿੱਖ ਗੁਰੂਆਂ ਦੀਆਂ ਸਿੱਖਿਆਵਾਂ ਅੱਜ ਦੇ ਸਮੇਂ ਵਿੱਚ ਵੀ ਉਨੀਆਂ ਹੀ ਜ਼ਰੂਰੀ ਹਨ, ਕਿਉਂਕਿ ਇਹ ਸਿੱਖਿਆਵਾਂ ਸਮਾਜਿਕ ਭਾਈਚਾਰੇ, ਨੈਤਿਕ ਕਦਰਾਂ-ਕੀਮਤਾਂ ਅਤੇ ਦੇਸ਼ ਦੀ ਏਕਤਾ ਨੂੰ ਮਜ਼ਬੂਤ ਕਰਨ ਲਈ ਅੱਜ ਵੀ ਸਾਡਾ ਮਾਰਗਦਰਸ਼ਨ ਕਰਦੀਆਂ ਹਨ। ਮੁੱਖ ਮੰਤਰੀ ਨੇ ਕਿਹਾ ਕਿ ਸਿੱਖ ਗੁਰੂਆਂ ਅਤੇ ਬਾਬਾ ਬੰਦਾ ਸਿੰਘ ਬਹਾਦਰ ਦਾ ਜੀਵਨ ਪੂਰੇ ਦੇਸ਼ ਲਈ ਪ੍ਰੇਰਨਾ ਦਾ ਸਰੋਤ ਹੈ।



**Real Estate in Seattle Area**
ਸਿਆਟਲ ਏਰੀਐ 'ਚ ਘਰ ਅਤੇ ਬਿਜ਼ਨਸ ਲੈਣ ਲਈ ਅੱਜ ਹੀ ਸੰਪਰਕ ਕਰੋ
Residential & Commercial
• Multifamily Units & Apartments
• Notary Service
For Honest, Friendly & Best Service, Call
Sarbjit Singh Saab
Realtor (MLS, CBA)
Ph: 206.255.0101
ਅਸੀਂ ਵਧੀਆ Interest Rate ਅਤੇ ਘੱਟ ਤੋਂ ਘੱਟ Closing Cost ਦੀ ਗਾਰੰਟੀ ਦਿੰਦੇ ਹਾਂ।

**BARRETT FINANCIAL GROUP**
ਤੁਸੀਂ ਘਰ ਖਰੀਦ, ਵੇਚ, ਰੀਫਾਇਨੈਂਸ ਜਾਂ ਆਪਣੇ ਸੁਪਨਿਆਂ ਦਾ ਨਵਾਂ ਘਰ ਬਣਾ ਰਹੇ ਹੋ ਤਾਂ ਅਸੀਂ ਲੋਨ ਜਾਂ ਮੌਰਗੇਜ ਲੈਣ ਲਈ ਭਰੋਸੇਯੋਗ ਸੇਵਾਵਾਂ ਦਿੰਦੇ ਹਾਂ
BARRETT FINANCIAL GROUP NMLS #18110
Cell:206-391-2630
Email:hgrover@barrettfinancial.com
Web:www.barrettfinancial.com/hgrover
2701 East Insight Way, Suite 150, Chandler, AZ 85286
Harmandeep Grover
Mortgage Loan Originator NMLS #2081225

ਸਿਆਟਲ ਨਿਵਾਸੀਆਂ ਦਾ ਜਾਣਿਆਂ ਪਹਿਚਾਣਿਆਂ ਤੇ ਭਰੋਸੇਮੰਦ
**USA TRAVEL**
24 Hr Emergency Call 206-992-2724
23609 104th Ave SE #103, Kent
Ph: 253-867-0450, 253-867-0451
1729 208th St Suite #202, Bothell
Ph: 425-420-1888 , 425-420-1889

Over 30 Years of Industry Experience
**MULTANI LAW GROUP**
ਆਪਣੀ ਪ੍ਰੇਸ਼ਾਨੀ ਨੂੰ ਘਟਾਉਣ, ਆਪਣਾ ਹੱਕ ਲੈਣ ਅਤੇ ਆਪਣੀ ਜ਼ਿੰਦਗੀ ਨੂੰ ਸਹੀ ਰਸਤੇ ਤੇ ਲਿਆਉਣ ਲਈ ਸਾਡੇ ਨਾਲ ਸੰਪਰਕ ਕਰੋ
Jashan Multani 206-243-4219
Gerald F. Robison, Senior Attorney
Jashan Multani, Associate Partner
Services we provide: / ਅਸੀਂ ਇਹ ਸੇਵਾਵਾਂ ਪ੍ਰਦਾਨ ਕਰਦੇ ਹਾਂ
-Immigration/Political Asylum U-Visa, Vawa / -ਇੰਮੀਗਰੇਸ਼ਨ/ਪੁਲਿਟੀਕਲ ਅਸਾਈਲਮ, ਯੂ-ਵੀਜਾ, ਵਾਅਵਾ
-SIJ Guardianship Cases / -SIJ ਗਾਰਡੀਅਨਸ਼ਿਪ ਕੇਸ
- Personal Injury/Car Accidents / -ਕਾਰ ਐਕਸੀਡੈਂਟ/ਪ੍ਰਸਨਲ ਇਨਜਰੀ
- Evictions / -ਕਿਰਾਏਦਾਰ ਕੱਢਣਾ
Website:multanilawgroup.com
Email:Jashan@multanilawgroup.com
Add: 13106 S. East 240th St., #110, Kent, WA 98031

ਸਿਆਟਲ ਵਿਚ ਲਿਨਵੁਡ, ਐਵਰਟ, ਕੈਂਟ, ਮੈਰੀਸਵੈਲ, ਬੈਲੇਵਿਊ, ਰੈਡਮੰਡ, ਰੈਂਟਨ, ਪਿਆਲਪ ਦੇ ਇਲਾਕੇ ਵਿੱਚ ਰੀਅਲ ਅਸਟੇਟ ਦੀਆਂ ਸੇਵਾਵਾਂ ਪ੍ਰਦਾਨ ਕਰਦੇ ਹਾਂ।
**JASMEEN KAUR**
C: 425-299-2284
Bus: 425-602-4150
jasmeenkaur@cbbain.com
COLDWELL BANKER BAIN
8525 -120TH Ave. NE, #100, Kirkland, WA 98033
JASMEEN KAUR

John L. Scott REAL ESTATE
**Kamaljit Singh**
Real Estate Broker
* Residential * Commercial
* Bank Owned / Foreclosed
* Short Sale / Pre-Foreclosure
206-802-5699
ਕਿਸੇ ਵੀ ਤਰ੍ਹਾਂ ਦੀ ਰੈਜੀਡੈਂਸ਼ੀਅਲ/ਕਮਰਸ਼ੀਅਲ ਪ੍ਰਾਪਰਟੀ ਖਰੀਦਣ ਅਤੇ ਵੇਚਣ ਲਈ ਫੋਨ ਕਰੋ
Email:ksingh@johnlscott.com www.ksingh.johnlscott.com
Kent North Office:20829-72nd Ave S, Ste800 Kent, WA 98032

**JK Tire Wholesaler**
CASCADE Truck & RV Wash
Located next to Love Travel Center, 1-90 Exit 106, 1608 HWY 97 Ellensburg.WA
ਜਸਬੀਰ ਸਿੰਘ ਰੀਹਲ 206-235-2168
Ph: 509.925.9273
50 ਟਰੇਲਰ ਟਾਇਰਾਂ ਦੀ ਡੀਲ $230/ਟਾਇਰ
ਕੁਲਬੀਰ ਸਿੰਘ ਰੀਹਲ 206-245-0114

ਖ਼ੁਸ਼ਖਬਰੀ! ਖ਼ੁਸ਼ਖਬਰੀ! ਖ਼ੁਸ਼ਖਬਰੀ!
ਅੱਜ ਹੀ ਇਕ ਵਾਰ ਫੋਨ ਕਰੋ ਤੇ ਸਾਰੀ ਜਾਣਕਾਰੀ ਲਓ
ਤੁਹਾਡਾ ਘਰ ਲੈਣ ਦਾ ਜਾਂ ਬਿਜਨੈੱਸ ਲੈਣ ਦਾ ਸੁਪਨਾ ਅਸੀਂ ਪੂਰਾ ਕਰਾਂਗੇ
ਘਰ ਖਰੀਦਣ ਜਾਂ ਵੇਚਣ ਲਈ ਸੰਪਰਕ ਕਰੋ :
Berkshire Hathaway HOME SERVICES
Cell: 206-446-9366
Office: 253-854-9400
Northwest Real Estate
25230 104th Ave. S.E. Kent, WA 98030
eFax : 253-480-3448
Gagan@BHHSNWRE.com
GaganDeep.BGGSNWRE.com
ਗਗਨ ਚੌਹਾਨ

**REAL ESTATE**
ਕਿਸੇ ਵੀ ਤਰ੍ਹਾਂ ਦੀ ਰੈਜੀਡੈਂਸ਼ੀਅਲ ਜਾਂ ਕਮਰਸ਼ੀਅਲ ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ ਸੰਪਰਕ ਕਰੋ।
For Residential/Commercial
• Short Sale • Foreclosed • Bank owned
• Hotels/Motels • Gas Stations • Vacant Lands
Sakater Singh Sandhu
MCNE, CBA, MLS
Master Certified Negotiation Expert
Cell: 206-766-0551
KELLER WILLIAMS REALTY

**Ozone Roofing LLC**
Seattle, Tacoma & Everett ਵਿਚ ਘਰਾਂ ਅਤੇ ਕਮਰਸ਼ੀਅਲ ਬਿਲਡਿੰਗਾਂ ਦੀ ਰੂਫਿੰਗ ਦਾ ਕੰਮ ਤਸੱਲੀਬਖਸ਼ ਕਰਦੇ ਹਾਂ
Free Estimate
For Best Quotes Contact:
JD Singh 1-253-350-0341
Licensed, Bonded & Insured

**FOREVER ROOFING**
Licensed,Bonded & Insured
(FOREVRH874MJ)
PAWANDEEP JOSAN
Marketing Manager
Free Estimate
2062613683
Forever Roofing
Check us on
Web:Foreverroofing.net
Email:info@foreverroofing.net

**HUMBLE SANDHU SERVICES**
"We help you help yourself"
*Immigration *Tax *Notary
Services We Provide
•Business & Personal Tax / ਬਿਜਨਸ ਅਤੇ ਪਰਸਨਲ ਟੈਕਸ, ਹੈਲਥ ਪਲੈਨਜ,
•Indian Visa & OCI Applications / ਇੰਮੀਗਰੇਸ਼ਨ ਫਾਰਮ ਭਰਨ ਵਿਚ ਮੱਦਦ,
•Health Plans / ਇੰਡੀਅਨ ਵੀਜਾ & ਓਸੀਆਈ ਵਿਚ ਮੱਦਦ
Kent:253-338-9487
Puyallup:253-407-4723
Bellingham:360-440-5606
Email: myhumble@yahoo.com
25748-101st Ave, SE Kent WA 98030

LIFE INSURANCE | RETIREMENT PLANNING
Ø Life Insurance
Ø 529 College Saving Plan*
Ø IRA/401K Planning*
Ø Mortgage Protection
Ø Business Planning
Ø Estate Conservation
Ø Disability Insurance
* Neither New York Life Insurance Company, nor its Agents provide Tax or Legal advice. Please consult your own tax or legal Professional before making any decisons
Harpreet Parmar
Financial Services Professional
CA Insurance License # 0L12613
New York Life Insurance Company
15238 SE 272nd St Kent, WA 98042
Cell: 253-880-9968
www.harpreetparmar.com hparmar@ft.newyorklife.com
Registered Representative offering securities through NYLIFE Securities LLC (member FINRA/SIPC), A Licensed Insurance Agency and a New York Life Company

**BALBIR SINGH NIJJAR**
Senior Loan Originator
Wize Mortgage
ਮੌਰਗੇਜ਼ ਦੇ ਵਧੀਆ ਰੇਟ ਅਤੇ ਇਮਾਨਦਾਰ ਸਰਵਿਸ
RESIDENTIAL or COMMERCIAL LOANS
206-650-3700
13401-NE Bel Red Road, Suite B4, Bellevue, WA 98005
Bsingh@wisemfg.com www.wizemtg.com
Balbir Singh

**Real Estate Expert**
Harjinder Singh
ਸਿਆਟਲ ਏਰੀਏ ਵਿੱਚ ਘਰ ਖਰੀਦਣ ਤੇ ਵੇਚਣ ਲਈ ਕਾਲ ਕਰੋ
(206) 643-7853
Residencial & Commercial
Harjinder@TheLionEstates.com
www.TheLionEstates.com
Kent, Renton, Auburn, Covington, Seattle, Everett, Lynnwood, Marysville, Bellevue, Redmond, Kirkland
CENTURY 21 Real Estate Center



Reshmi's Group
INDIAN FOOD DISTRIBUTOR
NEW ARRIVAL
NEW ARRIVAL
NEW ARRIVAL
SIVA'S CHAKKI ATTA 20LB
premium
Siva's
STONE GROUND
Premium
Chakki Fresh Atta
100% Whole
No Maida
NET WEIGHT 20lbs
The Taste of Tradition
• Stone Ground Freshness
• Premium Quality Wheat
• Consistent Softness & Flavor
• Perfect for Everyday Cooking
FOR WHOLESALE
Reshmi's Group Inc, 1120 Andover Park E,Tukwila, WA 98188,
T: (206) 575-0050,E: sales@reshmisgroup.com.



# DIAMONDS!

Diamond Necklace
Wedding Sets
and
Wedding Rings

**50% off**

Come see our collection

## ਡਾਇਮੰਡਜ !

ਅਸੀਂ ਹਣ ਡਾਇਮੰਡ ਨੈਕੁਲੇਸ, ਵਿਆਹ ਦੇ ਸੈੱਟ
ਅਤੇ ਵਿਆਹ ਲਈ ਅੰਗੂਠੀਆਂ ਵੀ ਰੱਖਦੇ ਹਾਂ

**50% off**

ਆ ਕੇ ਕੁਲੈਕਸ਼ਨ ਦੇਖੋ

# Season Special!

Visit our store for special pricing when buying
50 grams or more of 22k Gold Jewelry!

## ਸੀਜਨ ਸਪੈਸ਼ਲ !

ਜਦੋਂ ਤੁਸੀਂ 50 ਗਰਾਮ ਜਾਂ ਇਸ ਤੋਂ ਜ਼ਿਆਦਾ 22 ਕੈਰੇਟ ਦੇ ਸੋਨੇ ਦੇ ਗਹਿਣੇ ਖਰੀਦਦੇ ਹੋ
ਤਾਂ ਸਪੈਸ਼ਲ ਕੀਮਤਾਂ ਲਈ ਸਾਡੇ ਸਟੋਰੇ ਤੇ ਆਉ।

**CASH FOR GOLD**

ਸੌਨੇ ਬਦਲੇ ਡਾਲਰ ਲਉ

ਸਾਡੀਆਂ ਕੀਮਤਾਂ ਬਹੁਤ ਘੱਟ ਹਨ

# TAJ JEWELERS

**TRADE YOUR OLD GOLD FOR NEW JEWELRY**

ਆਪਣੇ ਪੁਰਾਣੇ ਗਹਿਣਿਆਂ ਬਦਲੇ ਨਵੇਂ ਫੈਸ਼ਨ ਦੇ ਗਹਿਣੇ ਲਉ

UNIQUELY DESIGNED 22KT GOLD JEWELRY

**WE SELL FOR LESS**

# ਤਾਜ਼ ਜਿਊਲਰਜ਼

22 ਕੈਰੇਟ ਸੋਨੇ ਦੀ ਜਿਊਲਰੀ ਦੇ ਨਵੇਂ ਨਵੇਂ ਡਿਜ਼ਾਈਨ

**Ph:253-981-3071**

**10120 SE 260th St. Suite 110, Kent, WA 98030**

Open: 7 Days Tuesday to Sunday 11am to 7pm, Mon 11am to 6pm ਅਸੀਂ ਹਫਤੇ ਦੇ ਸੱਤੇ ਦਿਨ ਖੁੱਲਦੇ ਹਾਂ

ਮੰਗਲਵਾਰ ਤੋਂ ਐਤਵਾਰ ਸਵੇਰ 11ਵਜੇ ਤੋਂ ਸ਼ਾਮ 7 ਵਜੇ ਤੱਕ, ਸੋਮਵਾਰ ਸਵੇਰ 11 ਤੋਂ ਸ਼ਾਮ 6 ਵਜੇ ਤੱਕ

# ਅਮਰੀਕਾ ਵਿੱਚ 100 ਮਿਲੀਅਨ ਡਾਲਰ ਧੋਖਾਧੜੀ ਮਾਮਲੇ ਵਿੱਚ ਭਾਰਤੀ ਮੂਲ ਦਾ ਕਾਰੋਬਾਰੀ ਗ੍ਰਿਫ਼ਤਾਰ

ਨਿਊਪੋਰਟ ਬੀਚ: ਸੰਯੁਕਤ ਰਾਜ ਅਮਰੀਕਾ ਵਿੱਚ ਭਾਰਤੀ ਮੂਲ ਦੇ ਇੱਕ ਕਾਰੋਬਾਰੀ ਨੂੰ ਵੱਡੇ ਪੱਧਰ ਦੀ ਵਿੱਤੀ ਧੋਖਾਧੜੀ ਦੇ ਮਾਮਲੇ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਹੈ। ਅਧਿਕਾਰੀਆਂ ਅਨੁਸਾਰ ਉਸ ਤੇ ਇੱਕ ਬੈਂਕ ਨਾਲ ਜੁੜੀ ਲਗਭਗ 100 ਮਿਲੀਅਨ ਡਾਲਰ ਦੀ ਧੋਖਾਧੜੀ ਸਕੀਮ ਚਲਾਉਣ ਦੇ ਗੰਭੀਰ ਦੋਸ਼ ਲੱਗੇ ਹਨ।

ਜਾਂਚ ਏਜੰਸੀਆਂ ਦਾ ਕਹਿਣਾ ਹੈ ਕਿ ਸੰਬੰਧਿਤ ਕਾਰੋਬਾਰੀ ਨੇ ਰੀਅਲ ਅਸਟੇਟ ਕਰਜ਼ਿਆਂ ਨਾਲ ਜੁੜੇ ਦਸਤਾਵੇਜ਼ਾਂ ਵਿੱਚ ਕਥਿਤ ਤੌਰ ਤੇ ਤਬਦੀਲੀਆਂ ਕੀਤੀਆਂ ਅਤੇ ਵਿੱਤੀ ਰਿਕਾਰਡਾਂ ਨੂੰ ਗੁੰਮਰਾਹਕੁੰਨ ਤਰੀਕੇ ਨਾਲ ਪੇਸ਼ ਕੀਤਾ। ਇਸ ਕਾਰਵਾਈ ਰਾਹੀਂ ਬੈਂਕ ਨੂੰ ਗਲਤ ਜਾਣਕਾਰੀ ਦੇ ਕੇ ਵੱਡੇ ਕਰਜ਼ੇ ਹਾਸਲ ਕਰਨ ਦੀ ਕੋਸ਼ਿਸ਼ ਕੀਤੀ ਗਈ।ਅਧਿਕਾਰੀਆਂ ਮੁਤਾਬਕ ਜਾਂਚ ਦੌਰਾਨ ਇਹ ਵੀ ਸਾਹਮਣੇ ਆਇਆ ਹੈ ਕਿ ਕੁਝ ਦਸਤਾਵੇਜ਼ਾਂ ਵਿੱਚ ਡਿਜ਼ਿਟਲ ਤਬਦੀਲੀਆਂ ਕਰਕੇ ਉਨ੍ਹਾਂ ਦੀ ਅਸਲ ਸਥਿਤੀ ਨੂੰ ਬਦਲਿਆ ਗਿਆ ਸੀ। ਇਸ ਨਾਲ ਵਿੱਤੀ ਸੰਸਥਾਵਾਂ ਨੂੰ ਗਲਤ ਜਾਣਕਾਰੀ ਮਿਲੀ, ਜਿਸ ਕਾਰਨ ਵੱਡੇ ਪੱਧਰ ਤੇ ਨੁਕਸਾਨ ਦੀ ਸੰਭਾਵਨਾ ਬਣੀ।ਫੈਡਰਲ ਏਜੰਸੀਆਂ ਨੇ ਦੋਸ਼ੀ ਨੂੰ ਉਸਦੇ ਘਰ ਤੋਂ ਹਿਰਾਸਤ ਵਿੱਚ ਲਿਆ ਹੈ ਅਤੇ ਉਸ ਖ਼ਿਲਾਫ਼ ਬੈਂਕ ਧੋਖਾਧੜੀ ਸਮੇਤ ਕਈ ਗੰਭੀਰ ਦੋਸ਼ ਦਰਜ ਕੀਤੇ ਗਏ ਹਨ। ਦੋਸ਼ ਸਾਬਤ ਹੋਣ ਦੀ ਸੂਰਤ ਵਿੱਚ ਉਸਨੂੰ ਲੰਬੀ ਕੈਦ ਦੀ ਸਜ਼ਾ ਹੋ ਸਕਦੀ ਹੈ।ਇਸ ਮਾਮਲੇ ਵਿੱਚ ਵਿੱਤੀ ਨੁਕਸਾਨ ਦੀ ਪੂਰੀ ਗਿਣਤੀ ਅਤੇ ਫੰਡਾਂ ਦੀ ਵਸੂਲੀ ਲਈ ਜਾਂਚ ਅਜੇ ਜਾਰੀ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ ਮਾਮਲੇ ਦੇ ਸਾਰੇ ਪੱਖਾਂ ਦੀ ਡੂੰਘਾਈ ਨਾਲ ਪੜਤਾਲ ਕੀਤੀ ਜਾ ਰਹੀ ਹੈ।

## ਹਰ ਸਾਲ 10 ਲੱਖ ਲੋਕ ਡਿਪੋਰਟ ਕਰੇਗਾ ਅਮਰੀਕਾ

## ਸੰਸਦ 'ਚ ਇੰਮੀਗ੍ਰੇਸ਼ਨ ਇਨਫੋਰਸਮੈਂਟ ਬਿੱਲ ਪਾਸ

ਵਾਸ਼ਿੰਗਟਨ: ਅਮਰੀਕੀ ਪ੍ਰਤੀਨਿਧੀ ਸਭਾ ਨੇ ਇਮੀਗ੍ਰੇਸ਼ਨ ਕਾਨੂੰਨਾਂ ਨੂੰ ਸਖ਼ਤੀ ਨਾਲ ਲਾਗੂ ਕਰਨ ਲਈ ਲਗਭਗ 70 ਬਿਲੀਅਨ ਡਾਲਰ ਦਾ ਇਕ ਬਿੱਲ ਬਹੁਤ ਹੀ ਘੱਟ ਫਰਕ ਨਾਲ ਪਾਸ ਕਰ ਦਿੱਤਾ ਹੈ। ਇਹ ਬਿੱਲ ਹੁਣ ਰਾਸ਼ਟਰਪਤੀ ਡੋਨਾਲਡ ਟਰੰਪ ਨੂੰ ਉਨ੍ਹਾਂ ਦੇ ਦਸਤਖਤ ਲਈ ਭੇਜਿਆ ਜਾਵੇਗਾ, ਜੋਕਿ ਵ੍ਹਾਈਟ ਹਾਊਸ (ਅਮਰੀਕੀ ਰਾਸ਼ਟਰਪਤੀ ਦਾ ਸਰਕਾਰੀ ਨਿਵਾਸ ਅਤੇ ਦਫਤਰ) ਵਿੱਚ ਉਨ੍ਹਾਂ ਦੇਬਾਕੀ ਕਾਰਜ ਕਾਲ ਦੌਰਾਨ ਪ੍ਰਸ਼ਾਸਨ ਦੇ ਇਮੀਗ੍ਰੇਸ਼ਨ ਏਜੰਡੇ ਨੂੰ ਅੱਗੇ ਵਧਾਉਂਦਾ ਹੈ। ਰਿਪਬਲਿਕਨ ਬਹੁਮਤ ਨਾਲ ਪਾਸ ਹੋਏ ਇਸ ਬਿੱਲ ਦੇ ਹੱਕ ਵਿਚ 214 ਅਤੇ ਵਿਰੋਧ ਵਿਚ 212 ਵੋਟ ਪਏ। ਵ੍ਹਾਈਟ ਹਾਊਸ ਅਨੁਸਾਰ ਇਸ ਰਕਮ ਵਿੱਚੋਂ3 8 ਬਿਲੀਅਨ ਡਾਲਰ ਇਮੀਗ੍ਰੇਸ਼ਨ ਅਤੇ ਕਸਟਮਜ਼ ਇਨਫੋਰਸਮੈਂਟ (ਆਈਸੀਈ), 26 ਬਿਲੀਅਨ ਡਾਲਰ ਬਾਰਡਰ ਪੈਟਰੋਲ ਲਈ ਅਤੇ 5 ਬਿਲੀਅਨ ਡਾਲਰ ਅਣਕਿਆਸੇਖਰਚਿਆਂ ਲਈ ਅਲਾਟ ਕੀਤੇ ਜਾਣਗੇ।ਇਸ ਨਾਲ ਟਰੰਪ ਪ੍ਰਸ਼ਾਸਨ ਨੂੰ ਪ੍ਰਤੀ ਸਾਲ ਲਗਭਗ 10 ਲੱਖ ਲੋਕਾਂ ਨੂੰ ਦੇਸ਼ ਨਿਕਾਲਾ ਦੇਣ ਦੇ ਆਪਣੇ ਟੀਚੇ ਨੂੰ ਅੱਗੇ ਵਧਾਉਣ ਵਿੱਚ ਮਦਦ ਮਿਲੇਗੀ।ਰਿਪਬਲਿਕਨ ਨੇਤਾਵਾਂ ਦਾ ਕਹਿਣਾ ਹੈਕਿ ਇਹ ਸਰਹੱਦੀ ਸੁਰੱਖਿਆ ਅਤੇ ਇਮੀਗ੍ਰੇਸ਼ਨ ਕਾਨੂੰਨਾਂ ਦੇ ਪ੍ਰਭਾਵਸ਼ਾਲੀ ਲਾਗੂ ਕਰਨ ਲਈ ਜ਼ਰੂਰੀ ਹੈ। ਹਾਊਸ ਸਪੀਕਰ ਮਾਈਕ ਜੌਹਨਸਨ ਨੇ ਕਿਹਾ ਕਿ ਇਹ ਫੰਡਿੰਗ ਸਰਹੱਦੀ ਸੁਰੱਖਿਆ ਨੂੰ ਮਜ਼ਬੂਤ ਕਰਨ ਲਈ ਲੰਬੇ ਸਮੇਂਤੋਂ ਬਕਾਇਆ ਸੀ। ਇਸ ਦੌਰਾਨ ਡੈਮੋਕ੍ਰੇਟਿਕ ਪਾਰਟੀ ਨੇ ਬਿੱਲ ਦਾ ਸਖ਼ਤ ਵਿਰੋਧ ਕੀਤਾ। ਡੈਮੋਕ੍ਰੇਟਿਕ ਕਾਂਗਰਸਮੈਨ ਲੋਇਡ ਡੌਗੇਟ ਨੇ ਇਸਨੂੰ "ਆਈਸੀਈ ਲਈ ਇੱਕ ਖੁੱਲ੍ਹਾ ਖਜ਼ਾਨਾ" ਕਿਹਾ। ਵਿਰੋਧੀ ਧਿਰ ਦਾ ਦੋਸ਼ ਹੈ ਕਿ ਏਜੰਸੀ ਨੂੰ ਬਿਨਾਂ ਕਿਸੇ ਨਿਗਰਾਨੀ, ਜਵਾਬਦੇਹੀ ਜਾਂ ਸੁਧਾਰ ਦੇ ਵਾਧੂ ਫੰਡ ਪ੍ਰਦਾਨ ਕੀਤੇ ਜਾ ਰਹੇ ਹਨ। ਡੈਮੋਕ੍ਰੇਟਿਕ ਨੇਤਾ ਹਕੀਮ ਜੈਫਰੀਜ਼ ਨੇ ਕਿਹਾ ਕਿ ਰਿਪਬਲਿਕਨ ਅਮਰੀਕੀ ਨਾਗਰਿਕਾਂ ਦੀ ਸਿਹਤ ਅਤੇ ਪੋਸ਼ਣ ਸੰਬੰਧੀ ਜ਼ਰੂਰਤਾਂ ਨੂੰ ਨਜ਼ਰਅੰਦਾਜ਼ ਕਰਦੇਹੋਏ ਟਰੰਪ ਦੀ "ਜਨਤਕ ਦੇਸ਼ ਨਿਕਾਲੇ ਦੀ ਮਸ਼ੀਨ" ਨੂੰ ਵਧੇਰੇ ਸਰੋਤ ਪ੍ਰਦਾਨ ਕਰ ਰਹੇ ਹਨ।

## ਬਰਤਾਨੀਆ ਦੇ ਰੱਖਿਆ ਮੰਤਰੀ ਵੱਲੋਂ ਅਸਤੀਫ਼ਾ

ਲੈਸਟਰ ਬਰਤਾਨੀਆ ਦੇ ਰੱਖਿਆ ਮੰਤਰੀ ਜੌਨ ਹੀਲੀ ਨੇ ਰੱਖਿਆ ਖਰਚ ਯੋਜਨਾਵਾਂ ਨਾਲ ਅਸਹਿਮਤੀ ਜਤਾਉਂਦਿਆਂ ਪ੍ਰਧਾਨ ਮੰਤਰੀ ਕੀਰ ਸਟਾਰਮਰ ਦੀ ਸਰਕਾਰ ਤੋਂ ਅਸਤੀਫ਼ਾ ਦੇ ਦਿੱਤਾ ਹੈ। ਹੀਲੀ ਨੇ ਆਪਣੇ ਅਸਤੀਫ਼ਾ ਪੱਤਰ ਵਿੱਚ ਕਿਹਾ ਕਿ ਰੱਖਿਆ ਨਿਵੇਸ਼ ਯੋਜਨਾ ਲਈ ਦਿੱਤੀ ਗਈ ਵਿੱਤੀ ਵਿਵਸਥਾ ਦੇਸ਼ ਅਤੇ ਫੌਜ ਦੀ ਮੌਜੂਦਾ ਲੋੜਾਂ ਤੋਂ ਕਾਫ਼ੀ ਘੱਟ ਹੈ।ਹੀਲੀ ਨੇ ਕਿਹਾ ਕਿ ਖ਼ਤਰਨਾਕ ਵਿਸ਼ਵ ਪੱਧਰੀ ਹਾਲਾਤਾਂ ਵਿੱਚ ਬਰਤਾਨਵੀ ਫੌਜ ਨੂੰ ਲੋੜੀਂਦੇ ਸਰੋਤ ਨਾ ਦੇਣ ਨਾਲ ਫੌਜੀ ਤਿਆਰੀਆਂ ਪ੍ਰਭਾਵਿਤ ਹੋ ਸਕਦੀਆਂ ਹਨ ਅਤੇ ਓਪਰੇਸ਼ਨਾਂ ‘ਤੇ ਤੈਨਾਤ ਕਰਮਚਾਰੀਆਂ ਲਈ ਖ਼ਤਰਾ ਵੱਧ ਸਕਦਾ ਹੈ। ਉਨ੍ਹਾਂ ਮੁਤਾਬਕ ਪੂਰੀ ਵਿੱਤੀ ਪੇਸ਼ਕਸ਼ ਉਨ੍ਹਾਂ ਨੂੰ ਇਸ ਹਫ਼ਤੇ ਸੋਮਵਾਰ ਦੁਪਹਿਰ ਪਹਿਲੀ ਵਾਰ ਦਿੱਤੀ ਗਈ ਸੀ।ਰਿਪੋਰਟਾਂ ਅਨੁਸਾਰ ਹੀਲੀ ਨੇ ਪ੍ਰਧਾਨ ਮੰਤਰੀ ਨੂੰ ਦੱਸਿਆ ਸੀ ਕਿ ਰੱਖਿਆ ਖਰਚ ਵਿੱਚ 0.08 ਫ਼ੀਸਦੀ ਦਾ ਵਾਧਾ ਕਾਫ਼ੀ ਨਹੀਂ ਹੈ। ਉਹ ਪਿਛਲੇ ਕਈ ਮਹੀਨਿਆਂ ਤੋਂ ਰੱਖਿਆ ਮੰਤਰਾਲੇ ਲਈ ਵਧੇਰੇ ਫੰਡਾਂ ਦੀ ਮੰਗ ਕਰ ਰਹੇ ਸਨ, ਤਾਂ ਜੋ ਬਰਤਾਨੀਆ ਦੀਆਂ ਫੌਜੀ ਲੋੜਾਂ ਅਤੇ ਨਾਟੋ ਵਚਨਬੱਧਤਾਵਾਂ ਨੂੰ ਪੂਰਾ ਕੀਤਾ ਜਾ ਸਕੇ।ਹੀਲੀ ਦਾ ਅਸਤੀਫ਼ਾ ਪ੍ਰਧਾਨ ਮੰਤਰੀ ਕੀਰ ਸਟਾਰਮਰ ਲਈ ਵੱਡਾ ਸਿਆਸੀ ਝਟਕਾ ਮੰਨਿਆ ਜਾ ਰਿਹਾ ਹੈ।


TUKWILA DENTAL CENTER

NEW PATIENTS & EMERGENCIES WELCOME
GENERAL DENTISTRY FOR ALL AGES

*A Caring Team for You & Your Family*
Most Crowns and Bridges are made same day with our CAD/CAM System

- General Dentistry
- Bridges
- Fillings
- Dentures
- Dental Implants
- Crowns
- Cosmetic Dentistry
- Sealants
- Treatment of Gum Disease
- Oral Surgery
- Root Canals



HARCHAND SINGH DDS PS, SARAA ABDULATEEF DDS MS, ABRAAM ABRAMOV LD, MUKTA SINGH DDS, TANVEER S BUTTAR DDS

Hours : Monday 9AM - 6PM
Tuesday 9AM - 6PM
Wednesday 9AM - 6PM
Thursday 9AM - 6PM
Friday 8AM - 4PM

*(Fellow & Master Academy of General Dentistry)*

DENTAL LAB ON PREMISES

13955 Interurban Ave So, Tukwila, WA 98168
www.tukwiladentalcenter.com Email: tukwiladentalcenter@comcast.net
Ph: 206-431-0953, 206-241-0454, Fax: 206-439-6860



Complete Dental Care

New & Emergency Patients Welcome

-Family & Cosmetic Dentistry
-Root Canals, Wisdom Teeth Removal, Metal-free Restorations
-Bleeching, Veneer, Bonding
-Preventive & Pediatric Dentistry




ਹਰ ਤਰਾਂ ਦੇ ਦੰਦਾਂ ਦਾ ਇਲਾਜ਼ ਕਰਵਾਉਣ ਲਈ ਸੰਪਰਕ ਕਰੋ

Dr. Manpreet Dhaliwal
Dr. Navdeep Dhaliwal
Dr. Donald Hainer

Complete DENTAL CARE

Ph: 253-854-2714
SUITE #1, 10725 SE 256TH ST, KENT, WA


ਸੋਹਣੇ ਬੁਰਜ ਮੁਨਾਰੇ ਢਾਹ ਦਿੱਤੇ, ਢਾਹ ਦਿੱਤਾ ਤਖ਼ਤ ਅਕਾਲ ।
ਅੰਮ੍ਰਿਤ ਸਰੋਵਰ ਦੀ ਪਰਿਕਰਮਾ, ਹੋਈ ਲਹੂ ਨਾਲ ਲਾਲੋ ਲਾਲ ।
ਚੜ੍ਹ ਕੇ ਆਈ ਭਾਰਤੀ ਫੌਜ ਦੇ, ਲਾ ਤੇ ਨੇ ਸਿੰਘਾਂ ਢੇਰ। ਇਤਿਹਾਸ ਚਮਕੌਰ ਦੀ ਗੜ੍ਹੀ ਦਾ, ਦੁਹਰਾਅ ਦਿੱਤਾ ਸੂਰਮਿਆਂ ਫੇਰ।
ਘੱਲੂਘਾਰਾ ਦੇ ਪਹਿਲੇ ਸ਼ਹੀਦ ਭਾਈ ਮਹਿੰਗਾ ਸਿੰਘ ਬੱਬਰ ਸ਼ਹੀਦੀ 1 ਜੂਨ
ਸ਼ਹੀਦ ਬੀਬੀ ਪਰਮਜੀਤ ਕੌਰ
ਸ਼ਹੀਦ ਭਾਈ ਮੋਹਰ ਸਿੰਘ ਅਤੇ ਪਰਿਵਾਰ
ਸ਼ਹੀਦ ਬੀਬੀ ਉਪਕਾਰ ਕੌਰ
ਘੱਲੂਘਾਰਾ ਦੇ ਆਖਰੀ ਸ਼ਹੀਦ ਭਾਈ ਮੇਜਰ ਸਿੰਘ ਨਾਗੋਕੇ ਸ਼ਹੀਦੀ 8 ਜੂਨ
1 ਜੂਨ ਤੋਂ 8 ਜੂਨ 1984 ਤੱਕ ਸ਼ਹਾਦਤਾਂ ਦੇਣ ਵਾਲੇ ਸਮੂਹ ਸ਼ਹੀਦਾਂ ਨੂੰ ਯਾਦ ਕਰਦਿਆਂ
ਸ਼ਹੀਦੀ ਸਮਾਗਮ
12-13-14 ਜੂਨ 2026 ਦਿਨ ਐਤਵਾਰ
ਅਰੰਭ ਸ੍ਰੀ ਅਖੰਡ ਪਾਠ ਸਾਹਿਬ 12 ਜੂਨ ਸਵੇਰੇ 10:00 ਵਜੇ
ਭੋਗ ਸ੍ਰੀ ਅਖੰਡ ਪਾਠ ਸਾਹਿਬ ਐਤਵਾਰ ਸਵੇਰੇ 9:00 ਤੋਂ 10:15
ਸੰਗਤਾਂ ਵੱਲੋਂ ਕੀਰਤਨ 10:15 ਤੋਂ 11:00
ਕੀਰਤਨ ਰਾਗੀ ਸਤਨਾਮ ਸਿੰਘ ਜੀ 11:00 ਤੋਂ 11:45
ਕੀਰਤਨ ਰਾਗੀ ਕੁਲਬੀਰ ਸਿੰਘ ਜੀ 11:45 ਤੋਂ 12:35
ਸ੍ਰੀ ਅਖੰਡ ਪਾਠ ਸਾਹਿਬ ਅਤੇ ਤਿੰਨੇ ਦਿਨ ਲੰਗਰਾਂ ਦੀ ਸੇਵਾ
ਟਰੱਕਾਂ ਵਾਲੇ ਸੇਵਾਦਾਰ ਸਿੰਘਾਂ ਅਤੇ ਸਮੂਹ ਸੰਗਤ ਵੱਲੋਂ ਹੋਵੇਗੀ
ਆਪ ਜੀ ਨੇ ਪ੍ਰਵਾਰ ਸਮੇਤ ਪਹੁੰਚ ਕੇ ਲਾਹੇ ਪ੍ਰਾਪਤ ਕਰਨੇ ਜੀ ।
ਭਾਈ ਹਰਜੋਤ ਸਿੰਘ ਭਾਈ ਭਗੀਰਥ ਸਿੰਘ
ਕਵੀਸ਼ਰੀ ਜੱਥਾ 12:30 ਤੋਂ 1:00
ਸੰਪਰਕ ਨੰਬਰ: ਭਾਈ ਤਜਿੰਦਰ ਸਿੰਘ 253-653-3536 ਭਾਈ ਜਸਮਿੰਦਰ ਸਿੰਘ 206-387-7887
ਅਸਥਾਨ: ਦਮਦਮੀ ਟਕਸਾਲ (ਕੈਂਟ)
20852 132 AVE SE KENT WA 98042 253-391-3030

# ਅਦਾਲਤ ਵੱਲੋਂ ਇਕ ਲੱਖ ਡਾਲਰ ਫੀਸ ਲਾਉਣ ਦੀ ਨੀਤੀ ਰੱਦ

ਸੈਕਰਾਮੈਂਟੋ, ਕੈਲੀਫੋਰਨੀਆ (ਹੁਸਨ ਲੜੋਆ ਬੰਗਾ)-ਇੱਕ ਅਮਰੀਕੀ ਜ਼ਿਲਾ ਅਦਾਲਤ ਦੇ ਜੱਜ ਨੇ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਨਵੇਂ ਐਚ 1 ਬੀ ਵੀਜ਼ਿਆਂ 'ਤੇ 100,000 ਡਲਾਰ ਫੀਸ ਲਗਾਉਣ ਦੀ ਨੀਤੀ ਨੂੰ ਰੱਦ ਕਰ ਦਿੱਤਾ ਹੈ। ਬੋਸਟਨ ਵਿੱਚ ਜੱਜ ਲੀਓ ਸੋਰੋਕਿਨ ਨੇ ਲਗਭਗ ਦੋ ਦਰਜਨ ਡੈਮੋਕ੍ਰੇਟਿਕ ਸਟੇਟ ਅਟਾਰਨੀ ਜਨਰਲਾਂ ਦੁਆਰਾ ਦਾਇਰ ਕੀਤੇ ਮੁਕੱਦਮੇ ਵਿੱਚ ਇਹ ਫੈਸਲਾ ਸੁਣਾਇਆ, ਜਿਸ ਵਿੱਚ ਜੱਜ ਨੇ ਕਿਹਾ ਕਿ ਫੀਸ ਇੱਕ ਗੈਰ-ਕਾਨੂੰਨੀ ਟੈਕਸ ਹੈ ਜੋ ਕਾਂਗਰਸ ਨੇ ਕਦੇ ਵੀ ਅਧਿਕਾਰਤ ਨਹੀਂ ਕੀਤਾ। ਰਾਜਾਂ ਦੇ ਚੋਟੀ ਦੇ 20 ਵਕੀਲਾਂ, ਨੇ ਸਤੰਬਰ ਵਿੱਚ ਟਰੰਪ ਦੁਆਰਾ ਐਲਾਨੀ ਗਈ ਫੀਸ ਨੂੰ ਚੁਣੌਤੀ ਦਿੱਤੀ ਸੀ। ਜੱਜ ਨੇ ਕਿਹਾ ਕਿ ਕਾਂਗਰਸ ਦੀ ਮਨਜ਼ੂਰੀ ਤੋਂ ਬਿਨਾਂ ਏਨੀ ਵੱਡੀ ਪੱਧਰ 'ਤੇ ਫੀਸ ਲਗਾਉਣੀ ਕਿਸੇ ਵੀ ਤਰਾਂ ਜਾਇਜ ਨਹੀਂ ਹੈ। ਜਿਕਰਯੋਗ ਹੈ ਕਿ ਟਰੰਪ ਪ੍ਰਸ਼ਾਸਨ ਨੇ ਸਥਾਨਕ ਨੌਜਵਾਨਾਂ ਨੂੰ ਰੁਜਗਾਰ ਦੇਣ ਦੇ ਮਕਸਦ ਨਾਲ ਇਹ ਫੀਸ ਵਧਾਈ ਸੀ ਜਿਸ ਦਾ ਡੈਮੋਕਰੇਟਿਕ ਪਾਰਟੀ , ਯੁਨੀਵਰਸਿਟੀਆਂ ਤੇ ਤਕਨੀਕੀ ਅਦਾਰੇ ਨਿਰੰਤਰ ਵਿਰੋਧ ਕਰਦੇ ਆ ਰਹੇ ਹਨ।


ਹੁਣ ਕੈਂਟ ਵਿੱਚ ਵਿਜੈ ਜਿਊਲਰਜ਼ ਨੇ ਆਪਣੀ ਨਵੀਂ ਦੁਕਾਨ ਖੋਲ੍ਹ ਦਿੱਤੀ ਹੈ

Vijay JEWELLERS INC.

Specializing in 22K Gold




ਸੋਨੇ ਦੀਆਂ ਬਾਰਾਂ ਸਪੈਸ਼ਲ ਕੀਮਤਾਂ ਤੇ ਮਿਲਦੀਆਂ ਹਨ



ਅਨੇਕਾਂ ਪ੍ਰਕਾਰ ਦੇ ਗਹਿਣੇ
ਲੇਟੈਸਟ ਡਿਜਾਈਨਾਂ ਵਿਚ ਲਵੋ

ਹਰੇਕ ਤਰ੍ਹਾਂ ਦੇ ਨਗ ਸਰਟੀਫਾਈਡ ਮਿਲਦੇ ਹਨ

ਅਸੀਂ ਹਰ ਤਰਾਂ ਦੇ ਗਹਿਣੇ ਰਿਪੇਅਰ ਵੀ ਕਰਦੇ ਹਾਂ

Naman Dhawan
856-325-9919, 253-277-3854

Vijay Dhawan
253-656-2666

25416 104th Ave SE, Kent, WA 98030, USA
www.vijayjewellersseattle.com vijayjewellersinc@gmail.com

# ਪੰਥਕ ਜਾਇਦਾਦਾਂ ਗ਼ੈਰ ਕਾਨੂੰਨੀ ਢੰਗ ਨਾਲ ਵੇਚਣ ਦਾ ਵਿਵਾਦ ਭਖਿਆ

# ਹਰੀਆਂ ਬੇਲਾਂ ਜਥੇਬੰਦੀ ਦੇ ਸਿੰਘਾਂ ਨੇ ਬਾਬਾ ਨਿਹਾਲ ਸਿੰਘ ਦੀ ਜਥੇਦਾਰੀ ਕੀਤੀ ਰੱਦ

## ਸ਼੍ਰੋਮਣੀ ਕਮੇਟੀ ਪ੍ਰਧਾਨ ਧਾਮੀ ਦੇ ਪੱਖਪਾਤੀ ਰਵੱਈਏ ਦਾ ਤਿੱਖਾ ਵਿਰੋਧ



ਸਰੀ (ਗੁਰਵਿੰਦਰ ਸਿੰਘ):ਬੀਤੇ ਦਿਨੀਂ ਤਾਜ ਪਾਰਕ ਕਨਵੈਂਸ਼ਨ ਸੈਂਟਰ ਵਿਖੇ ਪੰਜਾਬੀ ਪ੍ਰੈਸ ਕਲੱਬ ਆਫ਼ ਬੀ.ਸੀ. (ਕੈਨੇਡਾ) ਨਾਲ ਮਿਸਲ ਸ਼ਹੀਦਾਂ ਤਰਨਾ ਦਲ ਹਰੀਆਂ ਬੇਲਾਂ ਨਾਲ ਸੰਬੰਧਿਤ ਕੈਨੇਡਾ ਵਾਸੀ ਸਿੰਘਾਂ ਵੱਲੋਂ ਇੱਕ ਪ੍ਰੈਸ ਕਾਨਫਰੰਸ ਕੀਤੀ ਗਈ। ਇਸ ਪ੍ਰੈਸ ਕਾਨਫਰੰਸ ਦੌਰਾਨ ਸਿੰਘਾਂ ਨੇ ਐਲਾਨ ਕੀਤਾ ਕਿ ਉਹ ਬਾਬਾ ਨਿਹਾਲ ਸਿੰਘ ਦੀ ਜਥੇਦਾਰੀ ਨੂੰ ਰੱਦ ਕਰਦੇ ਹਨ। ਇਸ ਸੰਬੰਧੀ ਸਿੰਘਾਂ ਵੱਲੋਂ ਹੇਠ ਲਿਖੇ ਕਾਰਨ ਪ੍ਰੈਸ ਰਿਲੀਜ਼ ਵਿੱਚ ਸਾਂਝੇ ਕੀਤੇ ਗਏ।

* ਜਥੇਬੰਦੀ ਦੇ ਸਿੰਘਾਂ ਦਾ ਕਹਿਣਾ ਹੈ ਕਿ ਪੰਥਕ ਜਾਇਦਾਦਾਂ ਅਤੇ ਸੰਸਥਾਗਤ ਸੰਪਤੀਆਂ ਦੇ ਪ੍ਰਬੰਧ ਸਬੰਧੀ ਗੰਭੀਰ ਚਿੰਤਾਵਾਂ ਪੈਦਾ ਹੋਈਆਂ ਹਨ।

* ਗੁਰੂ-ਘਰਾਂ, ਲੰਗਰਾਂ ਅਤੇ ਦਲ ਪੰਥ ਨਾਲ ਸੰਬੰਧਿਤ ਜਾਇਦਾਦਾਂ ਸੰਗਤ ਦੀ ਅਮਾਨਤ ਹਨ ਅਤੇ ਉਨ੍ਹਾਂ ਨੂੰ ਗ਼ੈਰ ਕਾਨੂੰਨੀ ਤੌਰ ‘ਤੇ ਆਪਣੀ ਪਤਨੀ ਯਸ਼ਪਾਲ ਕੌਰ ਦੇ ਨਾਮ ਮਲਕੀਅਤ ਤਬਦੀਲ ਕਰ ਕੇ ਵੇਚਿਆ ਗਿਆ।

* ਬਾਬਾ ਨਿਹਾਲ ਸਿੰਘ ਵੱਲੋ ਸਿੰਘਾਂ ਨਾਲ ਹੋਈਆ ਮੀਟਿੰਗਾਂ ਤੋਂ ਬਾਅਦ ਬਾਰ ਬਾਰ ਮੁਕਰਨਾ ‘ਤੇ ਜ਼ਮੀਨ ਵੇਚਣੀ। * ਸਟੇਜਾਂ ‘ਤੇ ਝੂਠ ਬੋਲ ਕੇ ਸੰਗਤ ਨੂੰ ਗੁਮਰਾਹ ਕਰਨਾ ਇਹ ਕਹਿ ਕੇ ਕਿ ਅਸੀ 150 ਕਿਲ੍ਹਾ ਜ਼ਮੀਨ ਦਲ ਪੰਥ ਹਰੀਆਂ ਵੇਲਾਂ ਦੇ ਨਾਮ ਕਰਵਾਈ

* ਹਰੀਆਂ ਬੇਲਾਂ ਸੰਗਤ ਵੱਲੋਂ ਭੇਟਾ ਕੀਤੇ ਗਏ ਘੋੜੇ ਵੇਚਣਾ ਅਤੇ ਮਾਇਆ ਨਿੱਜੀ ਤੌਰ ਤੇ ਵਰਤਣੀ।

* ਬਾਬਾ ਨਿਹਾਲ ਸਿੰਘ ਵਲੋ ਜਥੇਬੰਦੀ ਦੀ ਜਾਇਦਾਦ ਦਾ ਕੁਰਸੀਨਾਮਾ ਆਪਣੀ ਪਤਨੀ ਅਤੇ ਮਤਰੇਈਆਂ ਧੀਆਂ ਦੇ ਨਾਮ ਲਿਖਣਾ।

* ਜਥੇਬੰਦੀ ਦੇ ਸਿੰਘਾਂ ਅਨੁਸਾਰ ਕਈ ਮੀਟਿੰਗਾਂ ਅਤੇ ਵਿਚਾਰ-ਵਟਾਂਦਰਿਆਂ ਤੋਂ ਬਾਅਦ ਵੀ ਉੱਠਾਏ ਗਏ ਸਵਾਲਾਂ ਦੇ ਸੰਤੋਸ਼ ਪੂਰਵਕ ਜਵਾਬ ਨਹੀਂ ਦਿੱਤੇ।

ਸ਼੍ਰੋਮਣੀ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦੇ ਰਵੱਈਏ ਦਾ ਤਿੱਖਾ ਵਿਰੋਧ ਜਥੇਬੰਦੀ ਦੇ ਸਿੰਘਾਂ ਵੱਲੋਂ ਕੀਤਾ ਗਿਆ ਹੈ, ਜਿਸ ਦੇ ਕਾਰਨ ਇਹ ਦੱਸੇ ਗਏ ਹਨ।

* ਬਾਬਾ ਨਿਹਾਲ ਸਿੰਘ ਬਾਰੇ ਸਭ ਕੁਝ ਜਾਣਦਿਆਂ ਹੋਇਆਂ ਵੀ ਉਹਨਾਂ ਦੀ ਜ਼ਮੀਨ ਵੇਚਣ ਅਤੇ ਮਲਕੀਅਤ ਤਬਦੀਲ ਵਿੱਚ ਮਦਦ ਕਰਨੀ।

* ਪ੍ਰੈਸ ਕਾਨਫਰੰਸ ਵਿੱਚ ਧਮਕੀ ਦੇਣੀ ਕਿ ਜੇ ਸਿੰਘ ਪਿੱਛੇ ਨਾ ਹਟੇ, ਤਾਂ ਪੋਲ ਖੋਲ੍ਹਾਂਗੇ।

* ਜਥੇਬੰਦੀ ਦੇ ਸਿੰਘਾਂ ਨੂੰ ਆਪਸ ਵਿੱਚ ਬਹਿ ਕੇ ਗੱਲ ਕਰਨ ਲਈ ਪ੍ਰੇਰਨ ਦੀ ਬਜਾਏ ਵਿਵਾਦ ਪਵਾਉਣਾ।

* ਸ਼੍ਰੋਮਣੀਂ ਕਮੇਟੀ ਦੀ ਤਾਕਤ ਦਾ ਗ਼ਲਤ ਇਸਤੇਮਾਲ ਕਰਨਾ।

ਪ੍ਰੈਸ ਕਾਨਫਰੰਸ ਦੌਰਾਨ ਜੱਥੇਬੰਦੀ ਦੇ ਕੈਨੇਡਾ ਰਹਿੰਦੇ ਸਿੰਘਾਂ ਨੇ ਸਪੱਸ਼ਟ ਕੀਤਾ ਕਿ ਇਹ ਕਿਸੇ ਵਿਅਕਤੀ ਨਾਲ ਨਿੱਜੀ ਲੜਾਈ ਨਹੀਂ, ਇਹ ਸਮੂਹ ਖਾਲਸੇ ਪੰਥ ਲਈ ਚਿੰਤਾ ਦਾ ਵਿਸ਼ਾ ਹੈ।

ਜਥੇਬੰਦੀ ਦਾ ਸਪਸ਼ਟੀਕਰਨ:* ਇਹ ਕਿਸੇ ਵਿਅਕਤੀ ਜਾਂ ਪਰਿਵਾਰ ਵਿਰੁੱਧ ਮੁਹਿੰਮ ਨਹੀਂ ਹੈ, ਸਗੋਂ ਸਾਰੀ ਸੰਗਤ ਤੇ ਜ਼ਿੰਮੇਵਾਰ ਸਿੰਘਾਂ ਵਲੋ ਲਿਆ ਗਿਆ ਫੈਸਲਾ ਹੈ।

* ਇਹ ਮਾਮਲਾ ਤਰਨਾ ਦਲ ਹਰੀਆਂ ਬੇਲਾਂ ਦੀਆਂ ਜਾਇਦਾਦਾਂ ਅਤੇ ਪੰਥਕ ਵਿਰਾਸਤ ਦੀ ਸੁਰੱਖਿਆ ਨਾਲ ਸੰਬੰਧਿਤ ਹੈ।

* ਕਾਨਫਰੰਸ ਦਾ ਉਦੇਸ਼ ਸਿਰਫ਼ ਪੰਥਕ ਸੰਪਤੀ ਦੀ ਰੱਖਿਆ, ਪਾਰਦਰਸ਼ਤਾ ਅਤੇ ਸੰਗਤ ਪ੍ਰਤੀ ਜਵਾਬਦੇਹੀ ਨੂੰ ਯਕੀਨੀ ਬਣਾਉਣਾ ਹੈ। ਜਾਇਦਾਦਾਂ ਬਾਰੇ ਜਥੇਬੰਦੀ ਨੇ ਪ੍ਰੈਸ ਕਾਨਫਰੰਸ ਰਾਹੀਂ ਪੁਰਜ਼ੋਰ ਮੰਗ ਕੀਤੀ ਹੈ ਕਿ ਗੁਰੂਘਰਾਂ, ਲੰਗਰਾਂ ਅਤੇ ਦਲ ਪੰਥ ਨਾਲ ਸੰਬੰਧਿਤ ਸਾਰੀ ਜਾਇਦਾਦ ਦਾ ਰਿਕਾਰਡ ਜਨਤਕ ਕੀਤਾ ਜਾਵੇ।

* ਜੇਕਰ ਕਿਸੇ ਜਾਇਦਾਦ ਦੀ ਮਲਕੀਅਤ ਜਾਂ ਤਬਾਦਲੇ ਬਾਰੇ ਵਿਵਾਦ ਹੈ, ਤਾਂ ਉਸ ਦੀ ਸੁਤੰਤਰ ਕਾਨੂੰਨੀ ਜਾਂਚ ਕਰਵਾਈ ਜਾਵੇ।

* ਪੰਥਕ ਸੰਪਤੀਆਂ ਨੂੰ ਭਵਿੱਖ ਦੀਆਂ ਪੀੜ੍ਹੀਆਂ ਲਈ ਸੁਰੱਖਿਅਤ ਰੱਖਿਆ ਜਾਵੇ।

# ਭਾਰਤ ਵਿਰੋਧੀ ਪ੍ਰਦਰਸ਼ਨ ਦੌਰਾਨ ਭਾਰਤੀ ਝੰਡੇ ਦਾ ਨਿਰਾਦਰ

ਸੈਕਰਾਮੈਂਟੋ,ਕੈਲੀਫੋਰਨੀਆ (ਹੁਸਨ ਲੜੋਆ ਬੰਗਾ)-ਫ੍ਰਿਸਕੋ, ਟੈਕਸਾਸ ਵਿਚ ਇਮੀਗ੍ਰੇਸ਼ਨ ਨਾਲ ਸਬੰਧਤ ਵਿਰੋਧ ਪ੍ਰਦਰਸ਼ਨ ਦੌਰਾਨ ਫ੍ਰਿਸਕੋ ਸਿਟੀ ਹਾਲ ਦੇ ਬਾਹਰ ਇੱਕ ਵਿਅਕਤੀ ਵੱਲੋਂ ਭਾਰਤ ਦੇ ਰਾਸ਼ਟਰੀ ਝੰਡੇ ਦਾ ਨਿਰਾਦਰ ਕਰਨ ਦੀ ਖਬਰ ਹੈ। ਵਾਇਰਲ ਹੋਈ ਵੀਡੀਓ ਵਿੱਚ ਇਕ ਵਿਅਕਤੀ ਭਾਰਤੀ ਝੰਡੇ ਨੂੰ ਪਾੜਦਾ ਹੋਇਆ ਨਜਰ ਆ ਰਿਹਾ ਹੈ। ਇਸ ਘਟਨਾ ਦੀ ਵਿਆਪਕ ਨਿੰਦਾ ਹੋਈ ਹੈ। ਪ੍ਰਦਰਸ਼ਨ ਦੌਰਾਨ ਭੀੜ ਵਿੱਚ ਲੋਕਾਂ ਵੱਲੋਂ ਭਾਰਤ ਵਿਰੋਧੀ ਨਾਅਰ ਲਾਏ ਗਏ। ਇਸ ਘਟਨਾ 'ਤੇ ਬਹੁਤ ਸਾਰੇ ਭਾਰਤੀ ਅਮਰੀਕੀਆਂ ਅਤੇ ਹੋਰ ਸੋਸ਼ਲ ਮੀਡੀਆ ਉਪਭੋਗਤਾਵਾਂ ਨੇ ਸਖ਼ਤ ਪ੍ਰਤੀਕਿਰਿਆਵਾਂ ਦਿੱਤੀਆਂ ਹਨ ਜਿਨਾਂ ਵਿੱਚ ਕਿਹਾ ਗਿਆ ਹੈ ਕਿ ਇਮੀਗ੍ਰੇਸ਼ਨ ਨੀਤੀ 'ਤੇ ਅਸਹਿਮਤੀ ਹੋ ਸਕਦੀ ਹੈ ਪਰੰਤੂ ਇਸ ਦਾ ਇਹ ਮਤਲਬ ਨਹੀਂ ਹੈ ਕਿ ਪੂਰੇ ਭਾਰਤੀ ਭਾਈਚਾਰੇ ਨੂੰ ਨਿਸ਼ਾਨਾ ਬਣਾਇਆ ਜਾਵੇ ਤੇ ਕਿਸੇ ਦੂਸਰੇ ਦੇਸ਼ ਦੇ ਝੰਡੇ ਦਾ ਨਿਰਾਦਰ ਕੀਤਾ ਜਾਵੇ। ਕੁਝ ਟਿੱਪਣੀਕਾਰਾਂ ਨੇ ਅਮਰੀਕੀ ਅਰਥਵਿਵਸਥਾ ਵਿੱਚ ਭਾਰਤੀ ਪ੍ਰਵਾਸੀਆਂ ਅਤੇ ਭਾਰਤੀ ਅਮਰੀਕੀਆਂ ਦੇ ਯੋਗਦਾਨ ਨੂੰ ਉਜਾਗਰ ਕੀਤਾ ਹੈ ਜਦੋਂ ਕਿ ਹੋਰਾਂ ਨੇ ਨੀਤੀਗਤ ਚਰਚਾਵਾਂ ਨੂੰ ਵਿਅਕਤੀਆਂ ਜਾਂ ਨਸਲੀ ਸਮੂਹਾਂ ਦੀ ਬਜਾਏ ਇਮੀਗ੍ਰੇਸ਼ਨ ਮੁੱਦਿਆਂ 'ਤੇ ਕੇਂਦ੍ਰਿਤ ਰੱਖਣ ਦੀ ਮੰਗ ਕੀਤੀ ਹੈ। ਝੰਡਾ ਪਾੜਨ ਵਾਲੇ ਵਿਅਕਤੀ ਦੀ ਪਛਾਣ ਕਲੇਟਨ ਵਾਕਰ ਵਜੋਂ ਹੋਈ ਹੈ। ਵਾਕਰ ਨੇ ਸੋਸ਼ਲ ਮੀਡੀਆ 'ਤੇ ਕਿਹਾ ਕਿ ਉਸ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਮਿਲ ਰਹੀਆਂ ਹਨ।




ਪਿਛਲੇ 25 ਸਾਲ ਤੋਂ ਇੰਡੀਅਨ ਰੈਸਟੋਰੈਂਟ ਚਲਾ ਰਹੇ (India Bistro Roosevelt) ਨੇ ਸ਼ੁਰੂ ਕਰ ਦਿੱਤੀ ਹੈ

#1 Services On Your Special Events

SARDAR JI CATERING

SARDAR JI CATERING

Website:www.sardarjicatering.com



ਗੁਰਦੁਆਰਾ ਸਾਹਿਬ ਦੇ ਪ੍ਰੋਗਰਾਮਾਂ ਲਈ ਸੇਵਾਵਾਂ ਵੀ ਦਿੰਦੇ ਹਾਂ ਅਤੇ ਲੰਗਰ ਪੂਰੀ ਗੁਰ ਮਰਿਯਾਦਾ ਅਨੁਸਾਰ ਤਿਆਰ ਕੀਤਾ ਜਾਂਦਾ ਹੈ

- ਸ਼ਾਨਦਾਰ ਸਰਵਿਸ (ਤਜਰਬੇਕਾਰ ਅਤੇ ਟਰੇਨਡ ਕੁੱਕ)
- ਅਸੀਂ ਕੇਟਰਿੰਗ ਲਈ ਲਾਇਸੈਂਸਡ ਹਾਂ ਤੇ Hygenic Services ਦਿੰਦੇ ਹਾਂ
- ਪੰਜਾਬੀਆਂ ਦੇ ਜਾਇਕੇਦਾਰ ਲਾਜਵਾਬ ਸਵਾਦਲੇ ਖਾਣੇ ਬਣਾਉਂਦੇ ਹਾਂ
- ਕੇਟਰਿੰਗ ਤੋਂ ਇਲਾਵਾ ਕਰੌਕਰੀ ਅਤੇ ਵੇਟਰਾਂ ਦਾ ਪ੍ਰਬੰਧ ਕਰਦੇ ਹਾਂ
- LIVE FRESH ਕੁਕਿੰਗ
- Excellent Food Presentation
- ਤੁਹਾਡੇ ਬੱਜਟ ਤੇ ਸਵਾਦ ਮੁਤਾਬਕ ਕਸਟਮਮੇਡ Menus
- ਹਰ ਤਰ੍ਹਾਂ ਦੇ ਫੰਕਸ਼ਨ ਤੇ ਸੇਵਾਵਾਂ ਪ੍ਰਦਾਨ ਕਰਦੇ ਹਾਂ
- ਲਾਇਸੈਂਸਡ ਫੂਡ ਟਰੱਕ ਅਤੇ ਤੰਦੂਰ ਲਾਉਂਦੇ ਹਾਂ

Special Catering Service for 100-125 persons

*No matter the Event *Count on us * Available for all occasions

ਬੈਲਿੰਗਹਾਮ ਤੋਂ ਪੋਰਟਲੈਂਡ ਤੱਕ ਕੇਟਰਿੰਗ ਕਰਦੇ ਹਾਂ

For Catering Enquiries Contact: Off:206-517-4444, Cell:206-771-5079

6417 Roosevelt Way NE #105, Seattle WA 98115 Email:sardarjicatering@gmail.com

# ਲੰਦਨ ਵਿੱਚ ਸਿੱਖ ਨੌਜਵਾਨ ਵੱਲੋਂ ਗੋਰੇ ਲੜਕੇ ਦੀ ਹੱਤਿਆ ਉਪਰੰਤ ਸਿੱਖ ਕਕਾਰਾਂ 'ਤੇ ਕਾਨੂੰਨੀ ਪਾਬੰਦੀ ਲਾਉਣ ਦੀਆਂ ਕੋਸ਼ਿਸ਼ਾਂ ਨਿੰਦਣਯੋਗ:ਕੇਂਦਰੀ ਸਿੰਘ ਸਭਾ

ਚੰਡੀਗੜ੍ਹ(ਮਨਜੀਤ ਸਿੰਘ ਚਾਨਾ/ਸੈਦਪੁਰ):ਸਾਊਥੈਂਪਟਨ (ਯੂ.ਕੇ) ਵਿੱਚ ਸਿੱਖ ਨੌਜਵਾਨ ਵਿਕਰਮ ਸਿੰਘ ਦਿਗਮਾ ਵੱਲੋਂ ਗੋਰੇ ਲੜਕੇ ਹੈਨਰੀ ਨੋਵਾਕ ਦੀ ਕੀਤੀ ਹੱਤਿਆ ਦੀ ਕੇਂਦਰੀ ਸ੍ਰੀ ਗੁਰੂ ਸਿੰਘ



ਸਭਾ ਨਿੰਦਾ ਕਰਦੀ ਹੈ ਅਤੇ ਨੋਵਾਕ ਦੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦੀ ਹੈ। ਪਰ ਹਤਿਆਰੇ' ਦੇ ਅੰਮ੍ਰਿਤਧਾਰੀ ਹੋਣ ਦੀ ਆੜ ਵਿੱਚ ਮੂਲਵਾਦੀ ਗੋਰਿਆਂ ਦੀ ਪਾਰਟੀ, ਰੀਫਾਰਮ ਯੂ.ਕੇ ਪਾਰਟੀ ਵੱਲੋਂ ਸਿੱਖਾਂ ਵੱਲੋਂ ਧਾਰਮਿਕ ਕਕਾਰ, ਕਿਰਪਾਨ ਰੱਖਣ ਦੇ ਕਾਨੂੰਨੀ ਅਧਿਕਾਰ ਨੂੰ ਖ਼ਤਮ ਕਰਨ ਦੀ ਮੰਗ ਦਾ ਸਖ਼ਤ ਵਿਰੋਧ ਕਰਦੇ ਹਾਂ। ਸਿੱਖ ਸਭਾ ਨਾਲ ਜੁੜੇ ਸਿੱਖ ਚਿੰਤਕਾਂ ਨੇ ਕਿਹਾ ਕਿ ਅਸਲ ਵਿੱਚ ਕਤਲ ਦੀ ਵਾਰਦਾਤ 'ਪੇਸ਼ ਕਾਬਜ਼ ਨਾਮ ਦੇ ਛੁਰੇ ਨਾਲ ਕੀਤੀ ਗਈ ਹੈ। ਵਿਕਰਮ ਸਿੰਘ ਦਿਗਮਾ ਨੂੰ ਕਤਲ ਕੇਸ ਵਿੱਚ ਪਹਿਲਾਂ ਹੀ ਉਮਰ ਕੈਦ ਹੋ ਚੁੱਕੀ ਹੈ ਅਤੇ ਪੁਲਿਸ ਦੀ ਪੜਤਾਲ ਵਿੱਚ ਸਾਬਤ ਹੋ ਚੁੱਕਾ ਹੈ ਕਿ ਵਾਰਦਾਤ ਵਿੱਚ ਦੋਸ਼ੀ ਨੇ ਕਿਰਪਾਨ ਦੀ ਵਰਤੋਂ ਨਹੀਂ ਕੀਤੀ ਸੀ। ਇਕ ਅੰਮ੍ਰਿਤਧਾਰੀ ਸਿੱਖ ਵਿਅਕਤੀ ਵੱਲੋਂ ਕਿਸੇ ਉਤੇਜਨਾ ਹਿੱਤ, ਗਰੇ ਲੜਕੇ ਦੇ ਕਤਲ ਕਾਰਨ ਸਾਰੇ ਸਿੱਖ ਭਾਈਚਾਰੇ ਉੱਤੇ ਧਾਰਮਿਕ ਕਕਾਰ ਰੱਖਣ 'ਤੇ ਰੋਕ ਲਾਉਣਾ ਬਿਲਕੁਲ ਵਾਜਬ ਨਹੀਂ ਹੈ। ਇਕ ਵਿਅਕਤੀ ਦੇ ਦੋਸ਼ ਵਿੱਚ ਸਾਰੇ ਭਾਈਚਾਰੇ ਨੂੰ ਦੋਸ਼ੀ ਨਹੀਂ ਮੰਨਿਆ ਜਾ ਸਕਦਾ।

ਪਹਿਲਾਂ ਹੀ ਗ੍ਰੇਟ ਬਰੀਟੇਨ ਦੀ ਇੰਡੀਅਨ ਵਰਕਰਜ਼ ਐਸੋਸੀਏਸ਼ਨ, ਗੁਰਦਵਾਰਿਆਂ ਦੀਆਂ ਮੈਨੇਜਮੈਂਟ ਕਮੇਟੀਆਂ ਅਤੇ ਸਿੱਖ ਸਮਾਜਿਕ ਹਸਤੀਆਂ ਨੇ, ਗੋਰੇ ਲੜਕੇ ਦੀ ਹੱਤਿਆ ਦੀ ਨਿਖੇਧੀ ਕੀਤੀ ਹੈ ਅਤੇ ਗੁਰਦੁਆਰਿਆ ਵਿੱਚ ਗੋਰੇ ਲੜਕੇ ਦੀ ਯਾਦ ਵਿੱਚ 'ਅਰਦਾਸਾਂ ਕੀਤੀਆਂ ਗਈਆ ਹਨ। ਉਹਨਾਂ ਨੇ ਜ਼ੋਰ ਦਿੱਤਾ ਹੈ ਕਿ ਅੰਮ੍ਰਿਤਧਾਰੀ ਸਿੱਖ ਇਕ ਸਦੀ ਤੋਂ ਵੱਧ ਸਮੇਂ ਤੋਂ ਯੂ.ਕੇ ਵਿਚ ਸਦਭਾਵਨਾ ਅਤੇ ਸਹਿਯੋਗ ਨਾਲ ਰਹਿ ਰਹੇ ਹਨ। ਇਹ ਸਾਂਝਾ ਬਿਆਨ ਜਾਰੀ ਕਰਨ ਸਮੇਂ ਪ੍ਰੋਫੈਸਰ ਸ਼ਾਮ ਸਿੰਘ (ਪ੍ਰਧਾਨ), ਡਾ.ਖੁਸ਼ਹਾਲ ਸਿੰਘ (ਜਨਰਲ ਸਕੱਤਰ), ਜਸਪਾਲ ਸਿੰਘ ਸਿੱਧੂ (ਪੱਤਰਕਾਰ), ਗੁਰਪ੍ਰੀਤ ਸਿੰਘ (ਗਲੋਬ ਸਿੱਖ ਕੌਂਸਲ, ਪ੍ਰਤੀਨਿਧ), ਸੁਰਿੰਦਰ ਸਿੰਘ ਕਿਸ਼ਨਪੁਰਾ ਆਦਿ ਹਾਜ਼ਰ ਸਨ।

GAUTAM & ASSOCIATES
TRIAL LAWYERS




OUR AREAS OF EXPERTISE
*PERSONAL INJURY LAW
*VISA REFUSALS
*IMMEDIATE ROADSIDE
*PROHIBITIONS *FAMILY LAW
*CIVIL AND COMMERCIAL
*LITIGATION *WILLS AND ESTATES
ਅੱਜ ਹੀ ਸੰਪਰਕ ਕਰੋ
604-593-5310
Email:dkgautam@galawyers.ca
#210-8028-128St, Surrey, BC

ਪੰਜਾਬ ਗਾਰਡੀਅਨ
Call to Advertise
604.590.5200

Member FDIC EQUAL HOUSING LENDER SBA Preferred Lender



A Top 1% SBA Lender in the Nation*
We measure success by growing your business.

Bank of Hope SBA Loans**
Fast decisions
Low down payments
No balloon payments
Closing cost financing available
Long term financing

Bank of Hope Commercial Lending
Commercial loans for retail strip centers and apartments
Commercial real estate loans & lines of credit
Term loans up to 7-year at fixed or variable rates

Speak to a SBA specialist today.
Brian Kang Business Banking / SVP & PNW Business Banking Regional Director
Seattle Office (425) 921-1098 Portland Office (971) 801-6275

Scan for more Info
Bank of Hope®

*Source: 7(a) and 504 Lender Report; National lender ranking as of 3/31/26.
**All terms and conditions are subject to underwriting and credit approval.

# ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੇ ਤੀਸਰੇ ਸਲਾਨਾ ਸ਼ਹੀਦੀ ਦਿਹਾੜੇ ਮੌਕੇ ਵਿਸ਼ਾਲ ਸਮਾਗਮਾਂ ਦਾ ਐਲਾਨ:ਭਾਈ ਤੂਰ, ਭਾਈ ਰੰਧਾਵਾ

ਨਵੀਂ ਦਿੱਲੀ (ਮਨਪ੍ਰੀਤ ਸਿੰਘ ਖਾਲਸਾ)- ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਦੇ ਸਕੱਤਰ ਭਾਈ ਗੁਰਮੀਤ ਸਿੰਘ ਤੂਰ ਅਤੇ ਮੈਂਬਰ ਭਾਈ ਨਰਿੰਦਰ ਸਿੰਘ ਰੰਧਾਵਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਦੇ ਸੇਵਾਦਾਰਾਂ ਅਤੇ ਟੀਮ ਸ਼ਹੀਦ ਨਿੱਝਰ ਵੱਲੋਂ ਸ਼ਹੀਦ ਜਥੇਦਾਰ ਭਾਈ ਹਰਦੀਪ ਸਿੰਘ ਨਿੱਝਰ ਦੇ ਤੀਸਰੇ ਸਲਾਨਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਕੌਮੀ ਸਮਾਗਮਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਸਮਾਗਮਾਂ ਦੀ ਸ਼ੁਰੂਆਤ 7 ਜੂਨ 2026 ਨੂੰ ਮਾਤਾ ਸਾਹਿਬ ਕੌਰ ਹਾਲ ਨੰਬਰ 2, ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ, ਸ਼ਹੀਦੀ ਅਸਥਾਨ ਸ੍ਰੀ ਵਿਖੇ ਸਵੇਰੇ 11 ਵਜੇ ਸ੍ਰੀ ਸਹਿਜ ਪਾਠ ਸਾਹਿਬ ਦੇ ਆਰੰਭ ਨਾਲ ਹੋਈ।ਉਨ੍ਹਾਂ ਦੱਸਿਆ 18 ਜੂਨ 2026 ਨੂੰ ਸਵੇਰੇ 9 ਵਜੇ ਸ੍ਰੀ ਸਹਿਜ ਪਾਠ ਸਾਹਿਬ ਦੇ ਸੰਪੂਰਨ ਭੋਗ ਪਾਏ ਜਾਣਗੇ।ਇਸ ਉਪਰੰਤ ਸਵੇਰੇ 10 ਵਜੇ ਤੋਂ 11 ਵਜੇ ਤੱਕ ਸ਼ਰਧਾਂਜਲੀ ਸਮਾਗਮ ਅਤੇ ਸੰਕਲਪ ਸਮਾਰੋਹ ਕਰਵਾਇਆ ਜਾਵੇਗਾ, ਜਿਸ ਵਿੱਚ ਸ਼ਹੀਦ ਪਰਿਵਾਰ, ਪ੍ਰਮੁੱਖ ਬੁਲਾਰੇ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਸ਼ਮੂਲੀਅਤ ਕਰਨਗੀਆਂ।ਉਨ੍ਹਾਂ ਕਿਹਾ ਇਸੇ ਦਿਨ ਦੁਪਹਿਰ 12 ਵਜੇ ਤੋਂ 2 ਵਜੇ ਤੱਕ ਵੇਨਕੂਵਰ ਸਥਿਤ ਭਾਰਤੀ ਕੌਂਸਲਖਾਨੇ ਦੇ ਬਾਹਰ ਸਿੱਖਸ ਫ਼ਾਰ ਜਸਟਿਸ ਵੱਲੋਂ ਵਿਸ਼ੇਸ਼ ਅਦਾਲਤ ਅਤੇ ਸਲਾਨਾ ਵਿਰੋਧ ਪ੍ਰਦਰਸ਼ਨ ਆਯੋਜਿਤ ਕੀਤਾ ਜਾਵੇਗਾ। ਇਸ ਪ੍ਰੋਗਰਾਮ ਦਾ ਉਦੇਸ਼ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਲਈ ਇਨਸਾਫ਼ ਦੀ ਮੰਗ ਨੂੰ ਹੋਰ ਮਜ਼ਬੂਤ ਕਰਨਾ ਹੈ।ਉਨ੍ਹਾਂ ਦੱਸਿਆ 20 ਜੂਨ 2026 ਨੂੰ ਮਿਰਾਜ ਬੈਂਕੁਇਟ ਹਾਲ ਵਿਖੇ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਅਤੇ ਸਮੂਹ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਦਸਤਾਰ ਅਤੇ ਦੁਮਾਲਾ ਸਜਾਉਣ ਦੇ ਮੁਕਾਬਲੇ ਕਰਵਾਏ ਜਾਣਗੇ। ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਚੱਲਣ ਵਾਲੇ ਇਸ ਪ੍ਰੋਗਰਾਮ ਵਿੱਚ ਬੱਚਿਆਂ ਲਈ ਵਿਸ਼ੇਸ਼ ਇਨਾਮ ਵੀ ਰੱਖੇ ਗਏ ਹਨ। ਅੰਤ ਵਿਚ ਉਨ੍ਹਾ ਦੱਸਿਆ ਸਾਰੇ ਸਮਾਗਮਾਂ ਦੌਰਾਨ ਗੁਰੂ ਕੇ ਅਤੁੱਟ ਲੰਗਰ ਵਰਤਾਏ ਜਾਣਗੇ।ਪ੍ਰਬੰਧਕਾਂ ਵੱਲੋਂ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਵੱਡੀ ਗਿਣਤੀ ਵਿੱਚ ਪਹੁੰਚ ਕੇ ਸ਼ਹੀਦ ਦੀ ਯਾਦ ਨੂੰ ਸਮਰਪਿਤ ਇਨ੍ਹਾਂ ਸਮਾਗਮਾਂ ਵਿੱਚ ਹਾਜ਼ਰੀ ਭਰਨ ਅਤੇ ਕੌਮੀ ਏਕਤਾ ਦਾ ਪ੍ਰਗਟਾਵਾ ਕਰਨ।



# ਫਿਲਾਡੈਲਫੀਆ ਵਿੱਚ ਭਾਰਤੀ ਦੀ ਗੋਲੀ ਮਾਰ ਕੇ ਹੱਤਿਆ

ਸੈਕਰਾਮੈਂਟੋ, ਕੈਲੀਫੋਰਨੀਆ (ਹੁਸਨ ਲੜੋਆ ਬੰਗਾ)- ਇਕ ਭਾਰਤੀ ਨਾਗਰਿਕ 28 ਸਾਲਾ ਵਿਅਕਤੀ ਦੀ ਫਿਲਾਡੇਲਫੀਆ, ਪੈਨਸਿਲਵੇਨੀਆ ਵਿੱਚ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ।ਉਹ ਤੇਲੰਗਾਨਾ ਰਾਜ ਦੇ ਮੇਡਚਲ ਮਲਕਾਜਗਿਰੀ ਜ਼ਿਲੇ ਦੇ ਗੁੰਡਲਾਪੋਚਮਪੱਲੀ ਕਸਬੇ ਦਾ ਰਹਿਣ ਵਾਲਾ ਸੀ।ਅੰਸ਼ੁਲ ਕੂੰਚਾ, ਜੋ 2023 ਵਿੱਚ ਪੜਨ ਲਈ ਅਮਰੀਕਾ ਗਿਆ ਸੀ, ਇੱਕ ਬਹੁ-ਰਾਸ਼ਟਰੀ ਕੰਪਨੀ ਵਿੱਚ ਨੌਕਰੀ ਕਰਦਾ ਸੀ ਅਤੇ ਵੀਕਐਂਡ 'ਤੇ ਪੀਜ਼ਾ ਡਿਲੀਵਰੀ ਵਰਕਰ ਵਜੋਂ ਪਾਰਟ-ਟਾਈਮ ਕੰਮ ਕਰਦਾ ਸੀ। ਉਸ ਦੇ ਪਰਿਵਾਰ ਅਨੁਸਾਰ ਅੰਸ਼ੁਲ ਨੂੰ ਅੱਧੀ ਰਾਤ ਤੋਂ ਥੋੜੀ ਦੇਰ ਬਾਅਦ ਇੱਕ ਸੁੰਨਸਾਨ ਜਗਾ ਤੋਂ ਡਿਲੀਵਰੀ ਆਰਡਰ ਮਿਲਿਆ। ਜਦੋਂ ਉਹ ਪਹੁੰਚਿਆ, ਤਾਂ ਦੋ ਅਣਪਛਾਤੇ ਵਿਅਕਤੀਆਂ ਨੇ ਉਸ ਨੂੰ ਗੋਲੀ ਮਾਰ ਦਿੱਤੀ। ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਪਰਿਵਾਰ ਦਾ ਮੰਨਣਾ ਹੈ ਕਿ ਪੀਜ਼ਾ ਆਰਡਰ ਫਰਜੀ ਸੀ ਤੇ ਅਸਲ ਵਿੱਚ ਉਸ ਨੂੰ ਮਾਰਨ ਦੇ ਇਰਾਦੇ ਨਾਲ ਹੀ ਸੁੰਨਸਾਨ ਜਗਾ 'ਤੇ ਸੱਦਿਆ ਸੀ। ਪਰਿਵਾਰ ਨੇ ਕੇਂਦਰ ਅਤੇ ਤੇਲੰਗਾਨਾ ਸਰਕਾਰਾਂ ਨੂੰ ਉਸ ਦੀ ਲਾਸ਼ ਨੂੰ ਭਾਰਤ ਲਿਆਉਣ ਵਿੱਚ ਸਹਾਇਤਾ ਕਰਨ ਦੀ ਅਪੀਲ ਕੀਤੀ ਹੈ। ਨਿਊਯਾਰਕ ਵਿੱਚ ਭਾਰਤ ਦੇ ਕੌਂਸਲੇਟ ਜਨਰਲ ਨੇ ਕਿਹਾ ਕਿ ਉਹ ਸਥਾਨਕ ਅਧਿਕਾਰੀਆਂ ਤੇ ਅੰਸ਼ੁਲ ਦੇ ਪਰਿਵਾਰ ਨਾਲ ਸੰਪਰਕ ਵਿੱਚ ਹੈ ਅਤੇ ਹਰ ਸੰਭਵ ਸਹਾਇਤਾ ਪ੍ਰਦਾਨ ਕਰ ਰਿਹਾ ਹੈ।



# ਐਮੀ ਬੇਰਾ ਨੇ ਪ੍ਰਾਇਮਰੀ ਚੋਣ ਜਿੱਤੀ

ਸੈਕਰਾਮੈਂਟੋ, ਕੈਲੀਫੋਰਨੀਆ - ਭਾਰਤੀ ਅਮਰੀਕੀ ਕਾਂਗਰਸਮੈਨ ਐਮੀ ਬੇਰਾ ਪ੍ਰਾਇਮਰੀ ਚੋਣ ਜਿੱਤ ਗਏ ਹਨ। ਹੁਣ ਉਨਾਂ ਦਾ ਸਾਹਮਣਾ ਇਸ ਸਾਲ ਨਵੰਬਰ ਵਿੱਚ ਕੈਲੀਫੋਰਨੀਆ ਦੇ ਤੀਜੇ ਕਾਂਗਰਸ ਜਿਲੇ ਵਿੱਚ ਰਿਪਬਲਿਕਨ ਨੇਵਾਡਾ ਕਾਉਂਟੀ ਸੁਪਰਵਾਈਜ਼ਰ ਰੌਬ ਟਕਰ ਨਾਲ ਹੋਵੇਗਾ। ਡੈਮੋਕਰੇਟ ਆਗੂ ਬੇਰਾ 2013 ਤੋਂ ਕੈਲੀਫੋਰਨੀਆ ਦੇ 6ਵੇਂ ਜਿਲੇ ਦੀ ਨੁਮਾਇੰਦਗੀ ਕਰ ਰਿਹਾ ਹੈ। ਪ੍ਰਸਤਾਵ 50 ਦੇ ਤਹਿਤ ਰਾਜ ਦੇ ਕਾਂਗਰੇਸ਼ਨਲ ਨਕਸ਼ੇ ਵਿੱਚ ਬਦਲਾਅ ਤੋਂ ਬਾਅਦ ਹੁਣ ਉਹ ਨਵੇਂ ਬਣਾਏ ਗਏ ਤੀਜੇ ਜ਼ਿਲੇ ਵਿੱਚ ਰਾਜਸੀ ਕਿਸਮਤ ਅਜਮਾਉਣਗੇ। ਇਹ ਜ਼ਿਲਾ ਫੋਲਸਮ ਅਤੇ ਰੋਜ਼ਵਿਲ ਸਮੇਤ ਸੈਕਰਾਮੈਂਟੋ ਖੇਤਰ ਦੇ ਕੁਝ ਹਿੱਸਿਆਂ ਵਿੱਚ ਫੈਲਿਆ ਹੋਇਆ ਹੈ, ਅਤੇ ਪੂਰਬ ਵੱਲ ਟਰੱਕੀ ਅਤੇ ਝੀਲ ਤਾਹੋ ਵੱਲ ਫੈਲਿਆ ਹੋਇਆ ਹੈ। ਆਪਣੀ ਪ੍ਰਾਇਮਰੀ ਚੋਣ ਮੁਹਿੰਮ ਦੌਰਾਨ, ਬੇਰਾ ਨੇ ਸਾਫ਼ ਊਰਜਾ , ਬੁਨਿਆਦੀ ਢਾਂਚੇ ਵਿੱਚ ਨਿਵੇਸ਼, ਸਥਾਨਕ ਭਾਈਚਾਰਿਆਂ ਦਾ ਸਮਰਥਨ ਕਰਨ ਲਈ ਜਨਤਕ-ਨਿੱਜੀ ਭਾਈਵਾਲੀ, ਅਤੇ ਪ੍ਰਜਨਨ ਸਿਹਤ ਸੰਭਾਲ ਤੱਕ ਪਹੁੰਚ 'ਤੇ ਜ਼ੋਰ ਦਿੱਤਾ।




ਆਪਣੇ ਵਪਾਰ ਦੇ ਵਾਧੇ ਲਈ ਇਸ਼ਤਿਹਾਰ ਪਾਉਣ ਲਈ ਫੋਨ ਕਰੋ 604-590-5200

Trusted Name in Real Estate

ਕਿਸੇ ਵੀ ਤਰ੍ਹਾਂ ਦੀ ਰੈਜੀਡੈਂਸ਼ੀਅਲ ਜਾਂ ਕਮਰਸ਼ੀਅਲ ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ ਸਾਡੇ ਨਾਲ ਸੰਪਰਕ ਕਰੋ



GURBINDER DHALIWAL

REAL ESTATE BROKER

Cell:425-314-2111

Email:garyd@windermere.com

garydhaliwal.withwre.com

Windermere REAL ESTATE

801 State Ave, Marrysville, Wa 98270

HOUSE FOR SALE

12728 SE 287TH Place, Auburn, WA 98092





Nestled in a serene Cul-de-sac, this exquisite residence offers the perfect blend of comfort and sophistication. The heart of the home lies in its gourmet kitchen, where culinary dreams come to life amidst top-of-the-line appliances, sleek countertops, and ample storage. Step outside onto the covered deck, a true oasis that extends your living space. The ambiance is elevated by a cozy fireplace, providing warm and inviting atmosphere for year-round outdoor enjoyment. Venture downstairs to discover a meticulously finished basement, featuring a private one-bedroom suite and a stylishly appointed bathroom. This versatile space offers endless possibilities, whether used as a guest retreat, home office, or an entertainment hub.



MANDEEP SANGHA

REAL ESTATE BROKER

Cell:425-210-8985

Email:m.sangha@windermere.com

m.sangha.withwre.com

ਅਸੀਂ ਮੁਫਤ ਨੋਟਰੀ ਸੇਵਾਵਾਂ ਦਿੰਦੇ ਹਾਂ

# ਸ਼੍ਰੋਮਣੀ ਕਮੇਟੀ ਮੈਂਬਰ ਅਤੇ ਅਕਾਲੀ ਦਲ ਬਾਦਲ ਦੇ ਆਗੂ ਗੁਰਪ੍ਰੀਤ ਸਿੰਘ ਝੱਬਰ ਦੀ ਕੈਨੇਡਾ ਫੇਰੀ



ਸਰੀ:ਇਸ ਵਿੱਚ ਕੋਈ ਸ਼ੱਕ ਨਹੀਂ ਕਿ ਜਿੰਨਾ ਧਰਮ ਪ੍ਰਚਾਰ ਸ਼੍ਰੋਮਣੀ ਕਮੇਟੀ ਮੈਂਬਰ ਗੁਰਪ੍ਰੀਤ ਸਿੰਘ ਝੱਬਰ ਆਪਣੇ ਇਲਾਕੇ ਵਿੱਚ ਕਰ ਰਿਹਾ ਹੈ ਓਨਾ ਕੋਈ ਹੋਰ ਸ਼ਰੋਮਣੀ ਕਮੇਟੀ ਮੈਂਬਰ ਆਪਣੇ ਹਲਕੇ ਵਿੱਚ ਨਹੀਂ ਕਰ ਰਿਹਾ।ਇਕ ਕਿਸਮ ਦਾ ਪੂਰਾ ਮਾਲਵਾ ਹਲਕਾ ਹੀ ਇਨ੍ਹਾਂ ਨੇ ਸਾਂਭ ਲਿਆ ਹੈ ਜਿਸਦੀ ਤਾਰੀਫ ਮਾਲਵੇ ਦੇ ਲੋਕ ਕਰ ਰਹੇ ਹਨ।

ਪਰ ਨਾਲ ਹੀ ਗੁਰਪ੍ਰੀਤ ਸਿੰਘ ਝੱਬਰ ਸ਼ਰੋਮਣੀਂ ਅਕਾਲੀ ਦਲ (ਬਾਦਲ) ਦੀਆਂ ਨੀਤੀਆਂ ਦਾ ਪ੍ਰਚਾਰ ਵੀ ਕਰ ਰਹੇ ਹਨ।ਅੱਜ ਕੱਲ੍ਹ ਕੈਨੇਡਾ ਦੇ ਦੌਰੇ ਸਮੇ ਵੱਖ ਵੱਖ ਪਾਰਕਾਂ ਵਿੱਚ ਜਾ ਕੇ ਪੰਜਾਬੀਆਂ ਨਾਲ ਮੀਟਿੰਗਾਂ ਕਰ ਰਹੇ ਹਨ।ਉਨ੍ਹਾਂ ਦੱਸਿਆ ਕਿ ਉਨ੍ਹਾਂ ਨੂੰ ਭਰਵਾ ਹੁੰਗਾਰਾ ਤੇ ਸਹਿਯੋਗ ਮਿਲ ਰਿਹਾ ਹੈ।

ਲੋਕ ਝਾੜੂ ਤੋਂ ਅੱਕ ਗਏ ਹਨ ਤੇ ਕਹਿ ਰਹੇ ਹਨ ਸਾਡੇ ਕੋਲੋਂ ਗਲਤੀ ਹੋ ਗਈ ਹੁਣ ਤੱਕੜੀ ਵੱਲ ਦੇਖ ਰਹੇ ਹਨ।ਉਨ੍ਹਾਂ ਨੇ ਕਿਹਾ ਕਿ ਪੰਜਾਬ ਦਾ ਪਾਰ ਉਤਾਰਾ ਤੱਕੜੀ ਹੀ ਕਰੇਗੀ।ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਬਾਰੇ ਕਿਹਾ ਕਿ ਉਹ ਸੱਚਾ ਸੁੱਚਾ ਸਿੱਖ ਹੈ ਉਸਨੂੰ ਪੰਜਾਬ ਦਾ ਦਰਦ ਹੈ ਪਰ ਭਾਜਪਾ ਅਤੇ ਭਾਰਤੀ ਏਜੰਸੀਆਂ ਨੇ ਉਸਨੂੰ ਬਦਨਾਮ ਕੀਤਾ ਹੈ।


Guardian Media

PHOTOGRAPHY & VIDEOGRAPHY

ਵਿਆਹ ਸ਼ਾਦੀ ਜਾਂ ਹੋਰ ਕਿਸੇ ਵੀ ਫੰਕਸ਼ਨ ਦੀ
ਫੋਟੋਗਰਾਫੀ ਅਤੇ ਵੀਡੀਓਗਰਾਫੀ ਲਈ ਸੰਪਰਕ ਕਰੋ

CAPTURE EVERY MOMENT
Wedding Photography
Cinematic Videography

Book Your Shoot Today

Sangha 604-344-1491,
Hundal 604-880-4036,
202, 12677- 80 Ave,
Surrey, BC ,V3W 3A6

# ਅਮਰੀਕਾ ਬਾਰੇ ਲੋਕਾਂ ਦੀ ਸੋਚ ਬਦਲ ਰਹੀ:ਸਿਰਫ਼ 25% ਲੋਕ ਹੀ ਮੰਨਦੇ ਹਨ ਕਿ ਅਮਰੀਕਾ ਦੁਨੀਆ ਦਾ ਸਭ ਤੋਂ ਵਧੀਆ ਦੇਸ਼ ਹੈ

ਵਾਸ਼ਿੰਗਟਨ ਡੀ.ਸੀ.,- ਅਮਰੀਕਾ ਦੀ 250ਵੀਂ ਵਰ੍ਹੇਗੰਢ ਤੋਂ ਪਹਿਲਾਂ ਜਾਰੀ ਇੱਕ ਨਵੇਂ ਸਰਵੇਖਣ ਨੇ ਦੇਸ਼ ਦੇ ਭਵਿੱਖ ਅਤੇ ਕੌਮੀ ਪਛਾਣ ਬਾਰੇ ਲੋਕਾਂ ਦੀ ਸੋਚ ਵਿੱਚ ਆ ਰਹੇ ਵੱਡੇ ਬਦਲਾਅ ਨੂੰ ਉਜਾਗਰ ਕੀਤਾ ਹੈ। ਸਰਵੇ ਅਨੁਸਾਰ ਹੁਣ ਸਿਰਫ਼ ਹਰ ਚਾਰ ਵਿੱਚੋਂ ਇੱਕ ਅਮਰੀਕੀ (ਲਗਭਗ 25%) ਹੀ ਇਹ ਮੰਨਦਾ ਹੈ ਕਿ ਅਮਰੀਕਾ ਦੁਨੀਆ ਦਾ ਸਭ ਤੋਂ ਵਧੀਆ ਦੇਸ਼ ਹੈ। ਇਹ ਅੰਕੜਾ ਪਿਛਲੇ ਦਹਾਕਿਆਂ ਦੇ ਮੁਕਾਬਲੇ ਕਾਫ਼ੀ ਘੱਟ ਹੈ ਅਤੇ ਦੇਸ਼ ਦੇ ਭਵਿੱਖ ਨੂੰ ਲੈ ਕੇ ਵੱਧ ਰਹੀ ਚਿੰਤਾ ਨੂੰ ਦਰਸਾਉਂਦਾ ਹੈ।

ਸਰਵੇਖਣ ਵਿੱਚ ਇਹ ਵੀ ਸਾਹਮਣੇ ਆਇਆ ਕਿ ਬਹੁਤ ਸਾਰੇ ਅਮਰੀਕੀ ਲੋਕ ਪ੍ਰਤੀਨਿਧਿਕ ਲੋਕਤੰਤਰ ਦੇ ਭਵਿੱਖ ਨੂੰ ਲੈ ਕੇ ਚਿੰਤਤ ਹਨ। ਖਾਸ ਕਰਕੇ ਨੌਜਵਾਨ ਪੀੜ੍ਹੀ ਵਿੱਚ ਲੋਕਤੰਤਰ ਅਤੇ ਰਵਾਇਤੀ ਰਾਜਨੀਤਿਕ ਸੰਸਥਾਵਾਂ ਪ੍ਰਤੀ ਭਰੋਸਾ ਪਹਿਲਾਂ ਦੇ ਮੁਕਾਬਲੇ ਘੱਟ ਹੋ ਰਿਹਾ ਹੈ। ਕਈ ਨੌਜਵਾਨਾਂ ਦਾ ਮੰਨਣਾ ਹੈ ਕਿ ਲੋਕਤੰਤਰ ਹੁਣ ਅਮਰੀਕੀ ਪਛਾਣ ਦਾ ਉਨਾ ਮਹੱਤਵਪੂਰਨ ਹਿੱਸਾ ਨਹੀਂ ਰਿਹਾ ਜਿੰਨਾ ਪਹਿਲਾਂ ਮੰਨਿਆ ਜਾਂਦਾ ਸੀ।ਇਸੇ ਦੌਰਾਨ, 51 ਫ਼ੀਸਦੀ ਅਮਰੀਕੀ ਬਾਲਗਾਂ ਨੇ ਕਿਹਾ ਕਿ “ਅਮਰੀਕਨ ਡਰੀਮ” ਹੁਣ ਹਕੀਕਤ ਨਹੀਂ ਰਹਿ ਗਿਆ। ਮਤਲਬ ਕਿ ਸਖ਼ਤ ਮਿਹਨਤ ਰਾਹੀਂ ਹਰ ਵਿਅਕਤੀ ਲਈ ਆਰਥਿਕ ਅਤੇ ਸਮਾਜਿਕ ਤਰੱਕੀ ਦੇ ਮੌਕੇ ਮਿਲਣ ਵਾਲਾ ਰਵਾਇਤੀ ਵਿਸ਼ਵਾਸ ਕਮਜ਼ੋਰ ਪੈਂਦਾ ਦਿਖਾਈ ਦੇ ਰਿਹਾ ਹੈ। ਇਹ ਭਾਵਨਾ ਨੌਜਵਾਨਾਂ ਵਿੱਚ ਹੋਰ ਵੀ ਵੱਧ ਪਾਈ ਗਈ।

ਸਰਵੇ ਨੇ ਰਾਜਨੀਤਿਕ ਵੰਡ ਨੂੰ ਵੀ ਉਜਾਗਰ ਕੀਤਾ। ਰਿਪਬਲਿਕਨ ਸਮਰਥਕ ਅਜੇ ਵੀ ਡੈਮੋਕ੍ਰੈਟਸ ਅਤੇ ਆਜ਼ਾਦ ਵੋਟਰਾਂ ਦੇ ਮੁਕਾਬਲੇ ਵੱਧ ਗਿਣਤੀ ਵਿੱਚ ਇਹ ਮੰਨਦੇ ਹਨ ਕਿ ਅਮਰੀਕਾ ਇੱਕ ਅਸਧਾਰਨ ਦੇਸ਼ ਹੈ ਅਤੇ ਅਮਰੀਕਨ ਡਰੀਮ ਅਜੇ ਵੀ ਜ਼ਿੰਦਾ ਹੈ। ਦੂਜੇ ਪਾਸੇ, ਡੈਮੋਕ੍ਰੈਟਸ ਅਤੇ ਆਜ਼ਾਦ ਵੋਟਰਾਂ ਵਿੱਚ ਦੇਸ਼ ਦੇ ਭਵਿੱਖ ਨੂੰ ਲੈ ਕੇ ਵੱਧ ਸ਼ੰਕੇ ਅਤੇ ਨਿਰਾਸ਼ਾ ਦੇਖਣ ਨੂੰ ਮਿਲੀ।

## ਅਮਰੀਕਾ ਦਾ ਵੱਡਾ ਐਲਾਨ

## ਬੀ1/ਬੀ2 ਵੀਜ਼ਾ ਇੰਟਰਵਿਊ ਹੁਣ 10 ਦਿਨਾਂ ਵਿੱਚ ਪਰ ਦੇਣੀ ਪਵੇਗੀ $750 ਵਾਧੂ ਫੀਸ

ਵਾਸ਼ਿੰਗਟਨ ਡੀ.ਸੀ.- ਅਮਰੀਕਾ ਜਾਣ ਦੇ ਇੱਛੁਕ ਲੱਖਾਂ ਸੈਲਾਨੀਆਂ ਅਤੇ ਕਾਰੋਬਾਰੀ ਯਾਤਰੀਆਂ ਲਈ ਇੱਕ ਵੱਡੀ ਖ਼ਬਰ ਸਾਹਮਣੇ ਆਈ ਹੈ। ਅਮਰੀਕੀ ਵਿਦੇਸ਼ ਵਿਭਾਗ ਨੇ ਬੀ1/ਬੀ2 ਵਿਜ਼ਟਰ ਵੀਜ਼ਾ ਲਈ ਇੱਕ ਨਵਾਂ “ਪ੍ਰੀਮੀਅਮ ਐਕਸਪੀਡਾਈਟਡ ਇੰਟਰਵਿਊ ਪ੍ਰੋਗਰਾਮ” ਸ਼ੁਰੂ ਕਰਨ ਦਾ ਐਲਾਨ ਕੀਤਾ ਹੈ, ਜਿਸ ਤਹਿਤ ਅਰਜ਼ੀਕਾਰ ਵਾਧੂ $750 ਫੀਸ ਦੇ ਕੇ ਆਪਣਾ ਵੀਜ਼ਾ ਇੰਟਰਵਿਊ 10 ਕਾਰੋਬਾਰੀ ਦਿਨਾਂ ਦੇ ਅੰਦਰ ਪ੍ਰਾਪਤ ਕਰ ਸਕਣਗੇ। ਇਹ ਨਵਾਂ ਪਾਇਲਟ ਪ੍ਰੋਗਰਾਮ 1 ਜੁਲਾਈ 2026 ਤੋਂ ਲਾਗੂ ਹੋਵੇਗਾ ਅਤੇ 31 ਦਸੰਬਰ 2026 ਤੱਕ ਚੱਲੇਗਾ।

ਮੌਜੂਦਾ ਸਮੇਂ ਵਿੱਚ ਕਈ ਦੇਸ਼ਾਂ ਵਿੱਚ ਬੀ1/ਬੀ2 ਵੀਜ਼ਾ ਇੰਟਰਵਿਊ ਲਈ ਮਹੀਨਿਆਂ ਦੀ ਉਡੀਕ ਕਰਨੀ ਪੈਂਦੀ ਹੈ। ਇਸ ਸਮੱਸਿਆ ਨੂੰ ਧਿਆਨ ਵਿੱਚ ਰੱਖਦਿਆਂ ਅਮਰੀਕੀ ਸਰਕਾਰ ਨੇ ਇਹ ਨਵੀਂ ਸੇਵਾ ਸ਼ੁਰੂ ਕੀਤੀ ਹੈ ਤਾਂ ਜੋ ਉਹ ਲੋਕ, ਜਿਨ੍ਹਾਂ ਨੂੰ ਤੁਰੰਤ ਕਾਰੋਬਾਰੀ ਜਾਂ ਪਰਿਵਾਰਕ ਕਾਰਨਾਂ ਕਰਕੇ ਅਮਰੀਕਾ ਜਾਣ ਦੀ ਲੋੜ ਹੈ, ਵਾਧੂ ਫੀਸ ਦੇ ਕੇ ਜਲਦੀ ਇੰਟਰਵਿਊ ਲੈ ਸਕਣ।ਇਸ ਯੋਜਨਾ ਅਧੀਨ ਅਰਜ਼ੀਕਾਰ ਨੂੰ ਆਮ ਭ1/ਭ2 ਵੀਜ਼ਾ ਫੀਸ $185 ਦੇ ਨਾਲ ਵਾਧੂ $750 ਦੇਣੇ ਪੈਣਗੇ। ਇਸ ਤਰ੍ਹਾਂ ਕੁੱਲ ਫੀਸ $935 ਬਣੇਗੀ। ਹਾਲਾਂਕਿ, ਇਹ ਫੀਸ ਸਿਰਫ਼ ਇੰਟਰਵਿਊ ਦੀ ਮਿਤੀ ਜਲਦੀ ਲੈਣ ਲਈ ਹੈ। ਇਸ ਨਾਲ ਵੀਜ਼ਾ ਮਨਜ਼ੂਰ ਹੋਣ ਦੀ ਕੋਈ ਗਾਰੰਟੀ ਨਹੀਂ ਮਿਲੇਗੀ। ਵੀਜ਼ਾ ਅਫਸਰ ਵੱਲੋਂ ਅਰਜ਼ੀ ਦੀ ਜਾਂਚ ਅਤੇ ਇੰਟਰਵਿਊ ਦੇ ਆਧਾਰ ’ਤੇ ਹੀ ਅੰਤਿਮ ਫੈਸਲਾ ਕੀਤਾ ਜਾਵੇਗਾ।ਅਮਰੀਕੀ ਸਰਕਾਰ ਨੇ ਇਹ ਵੀ ਸਪੱਸ਼ਟ ਕੀਤਾ ਹੈ ਕਿ ਇਹ ਸਹੂਲਤ ਹਰ ਅਮਰੀਕੀ ਦੂਤਾਵਾਸ ਜਾਂ ਕੌਂਸੂਲੇਟ ਵਿੱਚ ਉਪਲਬਧ ਨਹੀਂ ਹੋਵੇਗੀ। ਸ਼ੁਰੂਆਤੀ ਪੜਾਅ ਵਿੱਚ ਸਿਰਫ਼ ਚੁਣੇ ਹੋਏ ਦੂਤਾਵਾਸਾਂ ਅਤੇ ਕੌਂਸੂਲੇਟਾਂ ਵਿੱਚ ਹੀ ਇਹ ਸੇਵਾ ਦਿੱਤੀ ਜਾਵੇਗੀ ਅਤੇ ਸੀਮਤ ਗਿਣਤੀ ਵਿੱਚ ਹੀ ਐਪਾਇੰਟਮੈਂਟਾਂ ਉਪਲਬਧ ਹੋਣਗੀਆਂ। ਕਿਹੜੇ-ਕਿਹੜੇ ਦੇਸ਼ਾਂ ਅਤੇ ਸ਼ਹਿਰਾਂ ਵਿੱਚ ਇਹ ਸੇਵਾ ਮਿਲੇਗੀ, ਇਸ ਦੀ ਸੂਚੀ ਜਲਦ ਜਾਰੀ ਕੀਤੀ ਜਾਵੇਗੀ।

AKAL TRAVEL
ਅਮਰੀਕਾ ਦੇ ਕਿਸੇ ਵੀ ਸ਼ਹਿਰ ਤੋਂ ਵਧੀਆ ਫਲਾਈਟਾਂ, ਵਧੀਆ ਸੇਵਾਵਾਂ ਅਤੇ ਘੱਟ ਕਿਰਾਏ ਲਈ ਸੰਪਰਕ ਕਰੋ


We Represent All Major Airline
We Will Beat Or Match Any Price
Seattle to Delhi : $785
We Issue The Ticket From India Also
Delhi Bombay Special
Ask For Detail
WE ALSO DO : * NOTARY * VISA
* PASSPORT * TRANSLATION
PHONE : 253-852-1984, 253-852-1985
24 HOUR EMERGENCY SERVICE
206-370-9480
TOLL FREE :
1-800-828-8543
EMAIL : FLY@AKALTRAVEL.COM
HOURS : MON TO SAT 9AM TO 7PM AND SUN 1PMTO 6PM

ਗੁਰੂ ਨਾਨਕ ਗੁਰਸਿੱਖ ਗੁਰਦੁਆਰਾ
ਲਿੰਡਨ (ਬੈਲਿੰਗਹੈਮ), WA (ਯੂ.ਐਸ.ਏ) (USA)
176 E Pole Road / 6934 Meridian St
Lynden, WA. 98264 (Bellingham)



13 ਜੂਨ ਦਿਨ ਸ਼ਨਿੱਚਰਵਾਰ ਸਵੇਰੇ ਸ. ਬਲਰਾਜ ਸਿੰਘ ਪਰਿਵਾਰ ਵੱਲੋਂ ਸੁਖਮਨੀ ਸਾਹਿਬ ਦੇ ਪਾਠ ਤੇ ਕੁੜਮਾਈ ਦੀ ਰਸਮ ਹੋਵੇਗੀ
14 ਜੂਨ ਦਿਨ ਐਤਵਾਰ ਸਵੇਰੇ ਰਾਗੀ ਭਾਈ ਪਰਮਜੀਤ ਸਿੰਘ ਪਰਿਵਾਰ ਵੱਲੋਂ ਲੰਗਰਾਂ ਦੀ ਸੇਵਾ ਤੇ ਸੁਖਮਨੀ ਸਾਹਿਬ ਦੇ ਪਾਠ ਹੋਣਗੇ
ਮੁੱਖ ਸੇਵਾਦਾਰ:ਪਰਮਜੀਤ ਸਿੰਘ ਕੁਲਾਰ: 360-733-6444, ਮੁੱਖ ਵਜ਼ੀਰ ਗਿਆਨੀ ਹਰੀ ਸਿੰਘ ਜੀ 360-398-1184
ਵੱਲੋਂ:ਗੁ. ਪ੍ਰਬੰਧਕ ਕਮੇਟੀ ਤੇ ਸਮੂੰਹ ਇਲਾਕਾ ਨਿਵਾਸੀ

# ਸ਼੍ਰੋਮਣੀ ਕਮੇਟੀ ਵਫ਼ਦ ਨੇ ਯੂਬਾ ਸਿਟੀ 'ਚ ਕੀਤੇ ਜਾਣ ਵਾਲੇ ਕਾਰਜਾਂ ਲਈ ਜਗ੍ਹਾ ਦਾ ਲਿਆ ਜਾਇਜ਼ਾ




ਯੂਬਾ ਸਿਟੀ, - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ 'ਚ ਅਮਰੀਕਾ ਪੁੱਜੇ ਵਫ਼ਦ ਨੇ ਅਮਰੀਕਾ ਦੇ ਯੂਬਾ ਸਿਟੀ ਵਿਖੇ ਸਥਾਪਿਤ ਕੀਤੇ ਜਾਣ ਵਾਲੇ ਧਰਮ ਪ੍ਰਚਾਰ ਕੇਂਦਰ, ਪ੍ਰੈੱਸ, ਸਿੱਖ ਮਿਸ਼ਨ ਅਤੇ ਗੁਰਮਤਿ ਵਿਦਿਆਲੇ ਲਈ ਜ਼ਮੀਨ ਦਾ ਜਾਇਜ਼ਾ ਲਿਆ ਅਤੇ ਇਥੇ ਕੀਤੇ ਜਾਣ ਵਾਲੇ ਕਾਰਜਾਂ ਸਬੰਧੀ ਆਰਕੀਟੈਕਟਾਂ ਅਤੇ ਸਥਾਨਕ ਸਿੱਖ ਆਗੂਆਂ ਨਾਲ ਵਿਚਾਰ-ਚਰਚਾ ਕੀਤੀ। ਜ਼ਿਕਰਯੋਗ ਹੈ ਕਿ ਇਹ 14 ਏਕੜ ਦੇ ਕਰੀਬ ਜ਼ਮੀਨ ਸਵਰਗੀ ਸ. ਦੀਦਾਰ ਸਿੰਘ ਬੈਂਸ ਅਤੇ ਪਰਿਵਾਰ ਵੱਲੋਂ ਸ਼੍ਰੋਮਣੀ ਕਮੇਟੀ ਨੂੰ ਦਿੱਤੀ ਗਈ ਹੈ। ਸ਼੍ਰੋਮਣੀ ਕਮੇਟੀ ਵਫ਼ਦ ਵਿਚ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਓ.ਐੱਸ.ਡੀ. ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਮੌਜੂਦ ਸਨ।ਇਸ ਸਬੰਧੀ ਦਫ਼ਤਰ ਤੋਂ ਜਾਰੀ ਪ੍ਰੈੱਸ ਬਿਆਨ 'ਚ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਅਮਰੀਕਾ ਅਤੇ ਕੈਨੇਡਾ ਦੀਆਂ ਸੰਗਤਾਂ ਦੀਆਂ ਭਾਵਨਾਵਾਂ ਨੂੰ ਧਿਆਨ 'ਚ ਰੱਖਦਿਆਂ ਬੀਤੇ ਸਮੇਂ ਸ਼੍ਰੋਮਣੀ ਕਮੇਟੀ ਨੇ ਅਮਰੀਕਾ ਅੰਦਰ ਧਰਮ ਪ੍ਰਚਾਰ ਕੇਂਦਰ, ਪ੍ਰੈੱਸ, ਸਿੱਖ ਮਿਸ਼ਨ ਅਤੇ ਗੁਰਮਤਿ ਵਿਦਿਆਲਾ ਸਥਾਪਤ ਕਰਨ ਦਾ ਫੈਸਲਾ ਕੀਤਾ ਸੀ। ਇਸ ਕਾਰਜ ਲਈ ਸਵਰਗੀ ਸ. ਦੀਦਾਰ ਸਿੰਘ ਬੈਂਸ ਵੱਲੋਂ ਸ਼੍ਰੋਮਣੀ ਕਮੇਟੀ ਨੂੰ 14.5 ਏਕੜ ਜ਼ਮੀਨ ਦਿੱਤੀ ਗਈ ਸੀ। ਉਨ੍ਹਾਂ ਕਿਹਾ ਕਿ ਅਮਰੀਕਾ ਕੈਨੇਡਾ ਤੋਂ ਬਹੁਤ ਸਾਰੀਆਂ ਸੰਗਤਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਵੱਡੀ ਮੰਗ ਪੁੱਜਦੀ ਹੈ, ਜੋ ਇਥੇ ਪ੍ਰੈੱਸ ਸਥਾਪਤ ਹੋਣ ਨਾਲ ਸਹਿਜੇ ਪੂਰਿਆਂ ਕੀਤੀ ਜਾ ਸਕੇਗੀ। ਉਨ੍ਹਾਂ ਕਿਹਾ ਕਿ ਧਰਮ ਪ੍ਰਚਾਰ ਦੇ ਮਕਸਦ ਨਾਲ ਸਥਾਪਤ ਕੀਤਾ ਜਾ ਰਿਹਾ ਇਹ ਕੇਂਦਰ ਜਿਥੇ ਪ੍ਰਵਾਸੀ ਸਿੱਖ ਭਾਈਚਾਰੇ ਅਤੇ ਸਿੱਖ ਸੰਸਥਾ ਦੇ ਆਪਸੀ ਸਹਿਯੋਗ ਨੂੰ ਹੋਰ ਮਜ਼ਬੂਤ ਕਰੇਗਾ, ਉਥੇ ਇਹ ਕੇਂਦਰ ਪ੍ਰਵਾਸੀ ਸਿੱਖ ਬੱਚਿਆਂ ਨੂੰ ਗੁਰਮਤਿ ਸਿਧਾਂਤਾਂ ਅਤੇ ਸਿੱਖੀ ਪ੍ਰੰਪਰਾਵਾਂ ਨਾਲ ਜੋੜਨ ਵਿਚ ਵੀ ਸਹਾਈ ਹੋਵੇਗਾ।

ਉਨ੍ਹਾਂ ਕਿਹਾ ਕਿ ਇਸ ਕਾਰਜ ਨੂੰ ਸਥਾਨਕ ਸਿੱਖ ਆਗੂਆਂ ਤੇ ਸੰਗਤਾਂ ਦੇ ਸਹਿਯੋਗ ਨਾਲ ਜਲਦ ਮੁਕੰਮਲ ਕੀਤਾ ਜਾਵੇਗਾ।ਇਸ ਮੌਕੇ ਅਮਰੀਕਾ ਨਿਵਾਸੀ ਸ. ਕਰਮਦੀਪ ਸਿੰਘ ਬੈਂਸ (ਕਾਊਂਟੀ ਸੁਪਰਵਾਈਜ਼ਰ), ਹਰਗੁਰਜੀਤ ਸਿੰਘ ਬੱਲ, ਦਲਬੀਰ ਸਿੰਘ ਗਿੱਲ, ਪਰਮਜੀਤ ਸਿੰਘ ਗਿੱਲ, ਗੁਰਮੀਤ ਸਿੰਘ ਗਿੱਲ, ਗੁਰਨਾਮ ਸਿੰਘ ਪੰਮਾ, ਕੁਲਵੰਤ ਸਿੰਘ ਖੈਹਰਾ, ਬਲਜੀਤ ਸਿੰਘ ਮਾਨ, ਜੀਵਨ ਸਿੰਘ, ਗੁਰਸੇਵਕ ਸਿੰਘ ਭੰਗੂ, ਸੁਖਵੰਤ ਸਿੰਘ ਖੈਹਰਾ, ਸੁਖਵਿੰਦਰ ਸਿੰਘ, ਨਿਰਮਲ ਸਿੰਘ ਜੰਡਾ, ਮੁਖਤਿਆਰ ਸਿੰਘ ਗਰੇਵਾਲ, ਗੁਰਪ੍ਰੀਤ ਸਿੰਘ ਗਿੱਲ, ਇੰਦਰਜੀਤ ਸਿੰਘ ਹੈਪੀ, ਦਲਬੀਰ ਸਿੰਘ ਸੰਘੇੜਾ, ਜੋਗਿੰਦਰ ਸਿੰਘ ਨਿੱਜਰ ਅਤੇ ਹੋਰ ਮੌਜੂਦ ਸਨ।

ਆਪਣੇ ਵਪਾਰ ਦੇ ਵਾਧੇ ਲਈ ਇਸ਼ਤਿਹਾਰ ਪਾਉਣ ਲਈ ਫੋਨ ਕਰੋ
604-590-5200

J & S CABINET DOORS LTD
phone:604-507-0561 fax:604-507-0562
unit 101-13070-115Ave, Surrey, BC V3R2T9
email:info@jscd.ca web:www.jscd.ca




We have manufactured high-end cabinet doors since 1997. We offer a variety of door styles. For inquiries visit our new factory or reach out at sales@jscd.ca
Ph:604-507-0561

BADH & REJMINIAK LLP
ਅਸੀਂ ਪੰਜਾਬੀ/ਹਿੰਦੀ ਅਤੇ ਅੰਗਰੇਜ਼ੀ ਵਿਚ ਸੇਵਾਵਾਂ ਪ੍ਰਦਾਨ ਕਰਦੇ ਹਾਂ

Areas of Practice

We provide Legal Services in the following areas:
- Civil Litigation
- Immigration
- Family Law
- Business Law
- Real Estate Transactions
- Notarization & Certification

ਅਸੀਂ ਹੇਠ ਲਿਖੇ ਖੇਤਰਾਂ ਵਿਚ ਕਾਨੂੰਨੀ ਸੇਵਾਵਾਂ ਪ੍ਰਦਾਨ ਕਰਦੇ ਹਾਂ
- ਸਿਵਲ ਮੁਕੱਦਮਾ
- ਇੰਮੀਗ੍ਰੇਸ਼ਨ
- ਫੈਮਿਲੀ ਲਾਅ
- ਬਿਜਨਸ ਲਾਅ
- ਰੀਅਲ ਈਸਟੇਟ ਲੈਣ ਦੇਣ
- ਨੋਟਰੀ ਸੇਵਾਵਾਂ/ਫਾਰਮ ਤਸਦੀਕ ਕਰਨਾ






Ph: 604-503-3132
Fax:604-503-3133
Web:www.bnrlaw.ca

Gurpreet Badh, BSc, LLB
Barrister & Solicitor

#2006-7495, 132 St, Surrey, BC V3W 1J8

Over 30 Years of Industry Experience

# MULTANI LAW GROUP

ਆਪਣੀ ਪ੍ਰੇਸ਼ਾਨੀ ਨੂੰ ਘਟਾਉਣ, ਆਪਣਾ ਹੱਕ ਲੈਣ ਅਤੇ ਆਪਣੀ ਜ਼ਿੰਦਗੀ ਨੂੰ
ਸਹੀ ਰਸਤੇ ਤੇ ਲਿਆਉਣ ਲਈ ਸਾਡੇ ਨਾਲ ਸੰਪਰਕ ਕਰੋ



Gerald F. Robison
Senior Attorney

MULTANI LAW GROUP

Jashan Multani
206-243-4219



Jashan Multani
Associate Partner

## ਅਸੀਂ ਭਰੋਸੇਯੋਗ ਕਾਨੂੰਨੀ ਸਲਾਹ ਪ੍ਰਦਾਨ ਕਰਦੇ ਹਾਂ

**Services we provide:**

- Immigration/Political Asylum
  U-Visa, Vawa,
-SIJ Guardianship Cases
- Car Accidents/Personal Injury
- Evictions

ਅਸੀਂ ਇਹ ਸੇਵਾਵਾਂ ਪ੍ਰਦਾਨ ਕਰਦੇ ਹਾਂ

-ਇੰਮੀਗਰੇਸ਼ਨ/ਪੁਲਿਟੀਕਲ ਅਸਾਈਲਮ,
ਯੂ-ਵੀਜਾ, ਵਾਅਵਾ,
-SIJ ਗਾਰਡੀਅਨਸ਼ਿਪ ਕੇਸ
-ਕਾਰ ਐਕਸੀਡੈਂਟ/ਪ੍ਰਸਨਲ ਇਨਜਰੀ
-ਕਿਰਾਏਦਾਰ ਕੱਢਣਾ

Website:multanilawgroup.com
Email:Jashan@multanilawgroup.com
Add: 13106 S. East 240th St., #110, Kent, WA 98031


ਸਿਆਟਲ ਨਿਵਾਸੀਆਂ ਦਾ ਜਾਣਿਆਂ ਪਹਿਚਾਣਿਆਂ ਤੇ ਭਰੋਸੇਮੰਦ
USA TRAVEL
FLY from Seattle to India
We Represent All Major Airlines
TURKISH AIRLINES
QATAR AIRWAYS القطرية
DELTA
Emirates
Lufthansa
Lowest Fare Guaranteed
We will beat any fare given in Kent/Seattle Area by Any Travel Agency
24 Hr Emergency
Call Amit Juneja: 206-992-2724
India Special FARES
USA Travel Services is your one-stop shop for all of your travel needs.
Now 2 Locations To Serve You
23609 104th Ave SE #101, Kent WA 98031
Ph: 253-867-0450 | 253-867-0451
1729 208th St Suite #202, Bothell WA 98012
Ph: 425-420-1888 | 425-420-1889
Email: info@usatravelguru.com
Website: www.usatravelguru.com
• Power of Attorney,
• Affidavits, Passports,
• Renunciations
• OCI • Notary Public •
• Translation - Hindi / Punjabi
• Uk & India Online Visa Available
• ਮੁਖਤਿਆਰਨਾਮਾ,
• ਐਫੀਡੈਵਿਟ, ਪਾਸਪੋਰਟ,
• ਓ.ਸੀ.ਆਈ.
• ਨੋਟਰੀ ਪਬਲਿਕ
• ਪੰਜਾਬੀ ਇੰਗਲਿਸ਼ ਦੀ ਟ੍ਰਾਂਸਲੇਸ਼ਨ
• ਇੰਡੀਆ ਦਾ ਵੀਜ਼ਾ
ਅਤੇ ਪਾਸਪੋਰਟ ਬਣਵਾਉ








OPEN 6 DAYS A WEEK, TUESDAY CLOSED

OPENING HOURS
Lunch hours from 11am -2:30pm
Dinner Hours from 5pm-9pm, Last Seating is 8:30pm

The Only True Punjabi (Indian) Vegetarian In Renton

← New Pabla Ready To Eat Frozen Cuisine Available →
Renton Location has Full Grocery Store & Sweet Shop
East Indian Spices, Dairy Products,
ਤੁਸੀਂ ਇਥੋਂ ਤਾਜਾ ਸਵਾਦਲੀਆਂ ਮਠਿਆਈਆਂ ਖਰੀਦ ਸਕਦੇ ਹੋ



ਪਾਬਲਾ ਇੰਡੀਅਨ ਕੁਜ਼ੀਨ ਦੀ ਰੈਂਟਨ ਵਾਲੀ ਲੋਕੇਸ਼ਨ ਤੋਂ ਤੁਸੀਂ ਹਰ ਤਰ੍ਹਾਂ ਦੀ ਭਾਰਤੀ ਗਰੋਸਰੀ, ਮਿਠਾਈ, ਇੰਡੀਅਨ ਮਸਾਲੇ ਲੈ ਸਕਦੇ ਹੋ।

# Pabla Indian Cuisine

Phone: 425-228-4625 Fax: 425-228-4629
Serving Washington for 27 years.
www.pablacuisine.com pablacuisine@gmail.com




# PABLA PUNJABI PALACE

2nd Location Now Open in Federal Way, WA
2020 S 314th St, Federal Way, WA 98003 (Hillside Plaza)
• Marriage Parties •Birthday Parties •Mehndi Parties • Business Meetings •Any Kind Of Functions

Specials: Take out 7 Days a week
DJ, Dance Floor, Catering for
All Occasions, Big TV Screens & Family Atmosphere

Seating for 1200 people



ਹੁਣ ਤੁਸੀਂ ਇਸ ਲੋਕੇਸ਼ਨ ਤੋਂ ਇੰਡੀਅਨ ਗਰੌਸਰੀ ਅਤੇ ਮਠਿਆਈਆਂ ਵੀ ਲੈ ਸਕਦੇ ਹੋ

For booking your event Please call Jas pabla At
Ph: 206-769-5559 Email: pablajas@yahoo.com




# PIZZA STATION

15300 33rd Ave S. Suite130, Seatac WA

10% Off All Orders

ਇਥੋਂ ਤੁਸੀਂ ਤਾਜੇ ਅਦਰਕ ਧਨੀਏ ਵਾਲੇ ਪੀਜੇ ਦੇ ਨਾਲ-ਨਾਲ ਭਾਰਤੀ ਗਰੌਸਰੀ ਵੀ ਬਹੁਤ ਘੱਟ ਕੀਮਤਾਂ ਤੇ ਖਰੀਦ ਸਕਦੇ ਹੋ।



PH:206-644-4133

Sun to Thurs: 10 am-10 pm
Fri/Sat: 10 am to 11pm
Email:info@pizzastationwa.com



# Space Available for your Ad

ਪੰਜਾਬ ਗਾਰਡੀਅਨ ਨਾਲ ਐਡ ਪਾਉ ਅਤੇ ਆਪਣਾ ਬਿਜ਼ਨਸ ਵਧਾਓ



ਪੰਜਾਬ ਗਾਰਡੀਅਨ
PUNJAB GUARDIAN
www.punjabguardian.com

Call to Advertise 604-590-5200



# Boulevard Market



ਇੰਡੀਅਨ ਗਰੌਸਰੀ ਅਤੇ ਤਾਜੀਆਂ ਸਬਜੀਆਂ/ਫਲਾਂ ਦਾ ਸਟੋਰ ਜਿੱਥੋਂ ਤੁਸੀਂ ਸਭ ਤੋਂ ਘੱਟ ਕੀਮਤਾਂ ਤੇ ਬਹੁਤ ਹੀ ਸਾਫ ਸੁਥਰੀਆਂ ਦਾਲਾਂ ਅਤੇ ਤਾਜੀਆਂ ਸਬਜੀਆਂ, ਹਰ ਪ੍ਰਕਾਰ ਦੀ ਗਰੌਸਰੀ ਖਰੀਦ ਸਕਦੇ ਹੋ, ਸਬਜੀਆਂ ਤੇ ਫਲ ਫਰੂਟ ਹਰ ਰੋਜ ਤਾਜੇ ਮੰਗਵਾਏ ਜਾਂਦੇ ਹਨ।

Opening Hours: 9 am to 9 pm (7Days Week)

PH:206-644-4010



# TEAM ARMY

## REAL ESTATE

Specialties:Buyers's Agent
Listing Agent-Short Sale
*RESIDENTIAL *COMMERCIAL
ਕਿਸੇ ਵੀ ਤਰ੍ਹਾਂ ਦੀ ਕਮਰਸ਼ੀਅਲ ਜਾਂ ਰੈਜੀਡੈਂਸ਼ੀਅਲ ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ ਹਮੇਸ਼ਾਂ ਯਾਦ ਰੱਖੋ।

## MORTGAGE

Specialties:Loan Specialist
Many Financing Options Available
*RESIDENTIAL *COMMERCIAL
ਕਿਸੇ ਵੀ ਤਰ੍ਹਾਂ ਦੀ ਕਮਰਸ਼ੀਅਲ ਜਾਂ ਰੈਜੀਡੈਂਸ਼ੀਅਲ ਪ੍ਰਾਪਰਟੀ ਖਰੀਦਣ ਜਾਂ ਰੀਫਾਇਨੈਂਸਿੰਗ ਲਈ ਕਿਸੇ ਵੀ ਤਰ੍ਹਾਂ ਦੀ ਮੌਰਗੇਜ ਲੈਣ ਲਈ ਯਾਦ ਰੱਖੋ

Maj Parminder (Pari) Mann
Ex Indian Army
SKYLINE PROPERTIES, INC
Cell:425-499-9704
email:parimann@gmail.com





Col Navtej Nijjar
NMLS 1484258
LA Financial Services
Cell:206-334-4035
email:nijjar.n@gmail.com

## AUBURN'S MAIN SUPERMARKET

INDIAN GROCERIES-LIQUOR-WINE

1119E Main St. Auburn, WA 98002

Store hours: Mon-Sat: 8:00 AM - 10:00 PM Sun: 8:00 AM - 9:00 PM


Lowest Prices in Town WIDE VARIETY OF FROZEN FOOD

When you spend $50 or more,get 5% discount

When you spend $100 or more,get 10% discount Discount only apply to Indian Grocery




FREE PANI-PURI FRI-SUN (12PM 5PM) ONLY 4 Pani Puri/CUSTOMER



ALL KINDS OF HOUSEHOLD UTENSILS (BARTAN) AVAILABLE

BLANKETS ARE ALSO AVAILABILE IN KING, QUEEN, TWIN SIZES

Fresh SugarCane Juice Everyday

Ph:253-249-7430, Cell:253-205-9981

www.auburnsmainsupermarket.com *All prices are marked down



## Kaurs Tax And Accounting


**Trucking Compliance**
- IFTA
- IRP Registration
- LLC Registration
- Permits and Licensing
- Drug and Alcohal
- Clearing House
- Dot Compliance
- FMCSA Compliance
- DOT Audit Support
- Heavy Highway Tax
- MCS-150

ਇਹ ਸੇਵਾਵਾਂ ਪੰਜਾਬੀ/ਹਿੰਦੀ ਵਿੱਚ ਵੀ ਉਪਲੱਬਧ ਹਨ।

**Professional Assistance Filling**
- OCI • UK Visa
- Passport • Indian Visa
- Power Of Attorney
- Immigration Petition
- Permit & Citizenship
- Health Insurance
- Affidavit

**Tax Services**
- Tax Filing & Planning
- Personal & Business
- Notary Public
- Payroll Service

ਵਧੀਆ ਅਤੇ ਭਰੋਸੇਮੰਦ ਪ੍ਰੋਫੈਸ਼ਨਲ ਅਕਾਊਂਟਿੰਗ ਅਤੇ ਟੈਕਸ ਸੇਵਾਵਾਂ ਲਈ ਸੰਪਰਕ ਕਰੋ:



Jaz Kaur Randhawa

Ph:206-472-9602

702 S Hill Park Dr Suite 202 Puyallup, WA 98373

accounting@kaurs.net
trucking@kaurs.net
Web:www.kaurs.net



## WEST CAPITAL LENDING

YOUR PREFFERRED LOCAL LENDER

- ਪੰਜਾਬੀ ਕਮਿਊਨਿਟੀ ਲਈ ਬੇਹਤਰ ਸੇਵਾਵਾਂ
- ਪਹਿਲੀ ਵਾਰ ਘਰ ਖਰੀਦਣ ਵਾਲਿਆਂ ਲਈ ਮੱਦਦ
- ਗੈਸ ਸਟੇਸ਼ਨ, ਹੋਟਲ, ਮੋਟਲ, ਰੈਸਟੋਰੈਂਟਾ ਤੇ ਹੋਰ ਛੋਟੇ ਬਿਜ਼ਨਸਾਂ ਲਈ ਵੀ ਅਸੀਂ ਮੋਰਗੇਜ਼ ਦਾ ਪ੍ਰਬੰਧ ਕਰਦੇ ਹਾਂ

·CONVENTIONAL ·FHA ·VA Loans ·30YR/15YR/10YR FIXED ·DSCR
·P&L ·30 DAY SOFR ARM ·1099 PROGRAM ·7/6 SOFR ARMS
·LOT/CUSTOM CONSTRUCTION LOAN AVAILABLE
·24/12 BANK STATEMENT LOANS



KESSHAV SHARMA
BRANCH MANAGER

ਮੋਰਗੇਜ ਸੰਬੰਧੀ ਕਿਸੇ ਵੀ ਤਰ੍ਹਾਂ ਦੀ ਮੱਦਦ ਜਾਂ ਜਾਣਕਾਰੀ ਲੈਣ ਲਈ ਮੇਰੇ ਨਾਲ ਸੰਪਰਕ ਕਰੋ

ਘੱਟ ਰੇਟਾਂ ਦੀ ਗਰੰਟੀ


WEST CAPITAL LENDING

Call/text (425) 239-4517
ksharma@westcapitallending.com
westcapitallending.com
NMLS# 2468293 I NMLS# 1566096 I DRE# 02022356
24 Executive Park, Ste 250 Irvine, CA 92614



## Ready to grow your business?

Count on us for solutions.



Gifty Singh
Bellevue
400 112th Ave NE
206-909-5226

BANNER BANK

bannerbank.com Member FDIC



JAG'S PIZZA

## ਇੰਡੀਅਨ ਸਟਾਈਲ ਪੀਜ਼ਾ ਮੈਰਿਸਵੈੱਲ ਵਿਚ

ਜਿੱਥੇ ਤੁਹਾਡੇ ਸਵਾਦ ਅਨੁਸਾਰ ਵਧੀਆ ਅਦਰਕ ਧਨੀਆ ਵਾਲੇ ਮਸਾਲੇਦਾਰ ਤੰਦੂਰੀ ਚਿਕਨ, ਬਟਰ ਚਿਕਨ, ਕੜਾਹੀ ਚਿਕਨ, ਸ਼ਾਹੀ ਪਨੀਰ, ਤੰਦੂਰੀ ਪਨੀਰ, ਕੜਾਹੀ ਪਨੀਰ ਅਤੇ ਹਰ ਤਰ੍ਹਾਂ ਦੇ ਵੈਜੀਟੇਰੀਅਨ ਪੀਜ਼ੇ ਬਣਾਏ ਜਾਂਦੇ ਹਨ

PH:360-386-9508

*5830 B, Grove St, Marysville, WA*
*(Inside Shell Gas Station Plaza)*

www.jagspizza.com

OPEN 7 DAYS A WEEK SUNDAY TO THURSDAY:11AM TO 10PM
FRIDAY & SATURDAY:11AM TO 11.30PM



## HG TAX AND ACCOUNTING

25228 104th AVE SE Suite 103 Kent, WA 98030

IT'S TIME TO SAVE ON YOUR TAXES

OPEN M-F: 10 AM to 6 PM
SAT: 11 AM to 4 PM
SUN: By Appointment



Harpreet Singh, J.D. (253) 202-4516



## LANCER TRUCKING LLC

21307-116TH AVE SE, KENT, WA 98031-2206

Running all across United States



Privately owned transportation company that specialized in truckload, less than truckload (LTL) and expedited service with the most competitive rates, quality service. Let us handle your load.

Ph:206-849-1313



## ਵਾਸ਼ਿੰਗਟਨ ਦਾ ਸਭ ਤੋਂ ਵੱਡਾ ਇੰਡੀਅਨ ਗਰੌਸਰੀ ਸਟੋਰ

ਇਥੋਂ ਤੁਸੀਂ ਹਰ ਤਰ੍ਹਾਂ ਦੀ ਇੰਡੀਅਨ, ਨੇਪਾਲੀ, ਫਿਜੀ, ਮਿਡਲ ਈਸਟਰਨ, ਏਸ਼ੀਅਨ ਗਰੌਸਰੀ ਲੈ ਸਕਦੇ ਹੋ

GROCERY SINGH
SAT SRI AKAL

LIQUOR - WINE BEER AVAILABLE



ਇੱਥੇ ਫਰੈੱਸ਼ ਪ੍ਰੋਡਿਊਸ, ਮੀਟ, ਮਠਿਆਈਆਂ ਤੇ ਹੋਰ ਬਹੁਤ ਕੁਝ ਉਪਲਬਧ ਹੈ

We Accept EBT Benefits SNAP

Now HIRING

ਸਾਨੂੰ ਕੰਮ ਕਰਨ ਲਈ ਵਰਕਰਾਂ ਦੀ ਲੋੜ ਹੈ

1825 BROADWAY, EVERETT WA 98201
425-374-7550 / 206-786-0870